




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 02 ਦਸੰਬਰ 2024

Email:- lokbani08@gmail.com



ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ

99155-94111



R. N. I. Punpun/29016/2008 * ਸਾਲ 16 , * ਅੰਕ : 170, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111


## ਟਰੰਪ ਨੇ ਕੀਤਾ ਕਾਸ਼ ਪਟੇਲ ਨੂੰ FBI ਡਾਇਰੈਕਟਰ ਨਿਯੁਕਤ ਕੀਤਾ




**ਵਾਸ਼ਿੰਗਟਨ, ਲੋਕ ਬਾਣੀ**- ਅਮਰੀਕਾ ਦੇ ਮਨੋਨੀਤ ਰਾਸ਼ਟਰਪਤੀ ਡੋਨਲਡ ਟਰੰਪ ਨੇ ਭਾਰਤੀ ਮੂਲ ਦੇ ਅਮਰੀਕੀ ਕਾਸ਼ ਪਟੇਲ (44) ਨੂੰ ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐੱਫਬੀਆਈ) ਦਾ ਡਾਇਰੈਕਟਰ ਨਾਮਜ਼ਦ ਕੀਤਾ ਹੈ। ਪਟੇਲ ਇਸ ਨਾਮਜ਼ਦਗੀ ਨਾਲ ਅਗਾਮੀ ਟਰੰਪ ਪ੍ਰਸ਼ਾਸਨ ਵਿਚ ਸਿਖਰਲਾ ਅਹੁਦਾ ਹਾਸਲ ਕਰਨ ਵਾਲੇ ਪਹਿਲੇ ਭਾਰਤੀ ਅਮਰੀਕੀ ਬਣ ਗਏ ਹਨ। ਟਰੰਪ ਨੇ ਆਪਣੀ ਮਾਲਕੀ ਵਾਲੇ ਸੋਸ਼ਲ ਮੀਡੀਆ ਪਲੈਟਫਾਰਮ 'ਟਰੁਥ ਸੋਸ਼ਲ' ਉੱਤੇ ਐਲਾਨ ਕੀਤਾ, "ਮੈਨੂੰ ਇਹ ਐਲਾਨ ਕਰਨ ਵਿਚ ਮਾਣ ਮਹਿਸੂਸ ਹੋ ਰਿਹਾ ਹੈ ਕਿ ਕਸ਼ਯਪ 'ਕਾਸ਼' ਪਟੇਲ ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ ਦੇ ਅਗਲੇ ਡਾਇਰੈਕਟਰ ਵਜੋਂ ਸੇਵਾਵਾਂ ਨਿਭਾਉਣਗੇ। ਕਾਸ਼ ਬਹੁਤ ਵਧੀਆ ਵਕੀਲ, ਤਫ਼ਤੀਸ਼ਕਾਰ ਅਤੇ 'ਅਮੈਰਿਕਾ ਫਸਟ' ਜੰਗਜੂ ਹੈ

## ਹਾਈ ਕੋਰਟ ਨੇ ਖਾਲਿਦਾ ਦੇ ਪੁੱਤਰ ਸਣੇ ਸਾਰੇ ਮੁਲਜ਼ਮ ਬਰੀ



**ਢਾਕਾ ਲੋਕ ਬਾਣੀ** --Tariq Rahman acquitted in grenade attacks case on Sheikh Hasina: ਇੱਥੋਂ ਦੀ ਹਾਈ ਕੋਰਟ ਨੇ ਹੇਠਲੀ ਅਦਾਲਤ ਦੇ ਫੈਸਲੇ ਨੂੰ ਅੱਜ ਰੱਦ ਕਰਦੇ ਹੋਏ 2004 ਵਿੱਚ ਆਵਾਮੀ ਲੀਗ ਦੀ ਆਗੂ ਸ਼ੇਖ ਹਸੀਨਾ ਦੀ ਰੈਲੀ ਵਿੱਚ ਗਰਨੇਡ ਹਮਲੇ ਕਰਨ ਦੇ ਦੋਸ਼ ਹੇਠ ਸਾਬਕਾ ਪ੍ਰਧਾਨ ਮੰਤਰੀ ਖਾਲਿਦਾ ਜ਼ੀਆ ਦੇ ਪੁੱਤਰ ਤਾਰਿਕ ਰਹਿਮਾਨ ਅਤੇ ਹੋਰ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਅਦਾਲਤ ਨੇ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਰਹਿਮਾਨ ਨੂੰ ਪੁਰਾਣੇ ਮਾਮਲੇ ਵਿਚ ਰਾਹਤ ਦੇ ਦਿੱਤੀ ਹੈ। ਦੱਸਣਾ ਬਣਦਾ ਹੈ ਕਿ ਗਰਨੇਡ ਹਮਲੇ ਵਿੱਚ 24 ਵਿਅਕਤੀ ਮਾਰੇ ਗਏ ਸਨ ਅਤੇ ਤਿੰਨ ਸੌ ਤੋਂ ਵਧ ਜ਼ਖ਼ਮੀ ਹੋਏ ਸਨ।

## ਖੁਰਾਲਗੜ੍ਹ ਸਾਹਿਬ ਜਾਦੀ ਬੱਸ ਨਾਲ ਹਾਦਸਾ , 1 ਦੀ ਮੌਤ, 7 ਜ਼ਖ਼ਮੀ



**ਬੀਣੇਵਾਲ , ਲੋਕ ਬਾਣੀ-** ਖੁਰਾਲਗੜ੍ਹ ਸਾਹਿਬ ਵਿਚ ਇਕ ਸ਼ਰਧਾਲੂਆਂ ਨਾਲ ਭਰੀ ਮਿੰਨੀ ਬੱਸ ਬਰੇਕਾਂ ਫੇਲ ਹੋਣ ਕਰਕੇ ਪਹਾੜੀ ਨਾਲ ਟਕਰਾਉਣ ਨਾਲ ਬੱਸ ਵਿਚ ਸਵਾਰ ਪੰਜ ਸ਼ਰਧਾਲੂ ਜ਼ਖ਼ਮੀ ਹੋ ਗਏ ਜਿਨ੍ਹਾਂ ਵਿਚੋਂ ਇਕ ਮਹਿਲਾ ਕਿਰਨ ਬਾਲਾ ਦੀ ਮੌਤ ਹੋ ਗਈ ਜਦਕਿ ਮਨਵੀਰ, ਹਿਮਾਂਸ਼ੂ, ਸਰੋਜ ਬਾਲਾ ਤੇ ਹਰਲੀਨ ਕੌਰ ਸਿਵਲ ਹਸਪਤਾਲ ਗੜ੍ਹਸ਼ੰਕਰ ਵਿਚ ਇਲਾਜ ਅਧੀਨ ਹਨ। ਸਾਰੇ ਸ਼ਰਧਾਲੂ ਸਮਰਾਲਾ/ਮਾਛੀਵਾੜਾ ਦੇ ਦੱਸੇ ਜਾਂਦੇ ਹਨ ਤੇ ਆਪਸ ਵਿਚ ਰਿਸ਼ਤੇਦਾਰ ਹਨ।

## AAP MLA ਨਰੇਸ਼ ਬਾਲਿਆਨ ਨੂੰ ਫਿਰੌਤੀ ਮਾਮਲੇ 'ਚ 2 ਰੋਜ਼ਾ ਪੁਲੀਸ ਰਿਮਾਂਡ 'ਤੇ ਭੇਜਿਆ



**ਦਿੱਲੀ ਲੋਕ ਬਾਣੀ**-ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਐਤਵਾਰ ਨੂੰ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਨਰੇਸ਼ ਬਾਲਿਆਨ ਨੂੰ ਜਬਰੀ ਵਸੂਲੀ ਤੇ ਫਿਰੌਤੀ ਦੇ ਇੱਕ ਮਾਮਲੇ ਦੇ ਸਬੰਧ ਵਿੱਚ ਦੋ ਦਿਨ ਦੇ ਪੁਲੀਸ ਰਿਮਾਂਡ 'ਤੇ ਭੇਜ ਦਿੱਤਾ ਹੈ। ਬਾਲਿਆਨ ਨੂੰ ਦਿੱਲੀ ਪੁਲੀਸ ਦੀ ਅਪਰਾਧ ਸ਼ਾਖਾ ਨੇ ਸ਼ਨਿਚਰਵਾਰ ਨੂੰ ਗ੍ਰਿਫਤਾਰ ਕੀਤਾ ਸੀ। ਉਨ੍ਹਾਂ ਨੂੰ ਅਦਾਲਤ ਵਿਚ ਪੇਸ਼ ਕੀਤੇ ਜਾਂਦੇ ਸਮੇਂ ਪੱਤਰਕਾਰਾਂ ਵੱਲੋਂ ਪੁੱਛੇ ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ, "ਇਹ ਸਭ ਕੁਝ ਦਿੱਲੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕੀਤਾ ਜਾ ਰਿਹਾ ਹੈ।"

## ਚਾਰੇ ਵਜ਼ਨ ਘਟੇ, ਚਾਹੇ ਸਿਹਤ ਖਰਾਬ ਹੋਵੇ, ਲੜਾਈ ਜਾਰੀ ਰਹੇਗੀ: ਡੱਲੇਵਾਲ



**ਪਾਤੜਾਂ ਲੋਕ ਬਾਣੀ** , -ਢਾਬੀ ਗੁਜਰਾਂ ਬਾਰਡਰ 'ਤੇ ਮਰਨ ਵਰਤ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਹੈ ਕਿ ਸਰਕਾਰ ਉਨ੍ਹਾਂ ਨਾਲ ਗੱਲਬਾਤ ਨਹੀਂ ਕਰਦੀ ਤਾਂ ਨਾ ਕਰੇ, ਇਸ ਮਾਮਲੇ ਵਿਚ ਘਬਰਾਉਣ ਦੀ ਕੋਈ ਲੋੜ ਨਹੀਂ, ਉਨ੍ਹਾਂ ਦੀ ਜਥੇਬੰਦੀ ਨੇ 18 ਤਰੀਕ ਦਾ ਪ੍ਰੋਗਰਾਮ ਦਿੱਤਾ ਸੀ ਕਿ ਜਥਿਆਂ ਦੇ ਰੂਪ ਵਿੱਚ ਦਿੱਲੀ ਜਾਵਾਂਗੇ ਤੇ ਪੈਦਲ ਜਾਵਾਂਗੇ। ਇਹ ਲੜਾਈ ਪੰਜਾਬ ਜਾਂ ਹਰਿਆਣੇ ਦੀ ਨਹੀਂ ਸਗੋਂ ਸਮੁੱਚੇ ਦੇਸ਼ ਦੀ ਹੈ। ਕੁਝ ਸੂਬਿਆਂ ਦੇ ਆਗੂਆਂ ਨੇ ਕਿਹਾ ਸੀ ਕਿ ਪੰਜਾਬ ਵਾਲੇ ਇਕੱਲੇ ਤਿੰਨ ਕਾਨੂੰਨ ਵਾਪਸ ਕਰਵਾ ਕੇ ਚਲੇ ਗਏ ਜਦੋਂ ਕਿ ਐਮਐਸਪੀ ਦੀ ਲੜਾਈ ਉਦੋਂ ਤੋਂ ਹੀ ਚੱਲ ਰਹੀ ਹੈ।

## ਨਿਰਮਾਣ ਅਧੀਨ ਸੁਰੰਗ ਦਾ ਹਿੱਸਾ ਡਿੱਗਣ ਕਾਰਨ ਮਜ਼ਦੂਰ ਦੀ ਮੌਤ, 3 ਜ਼ਖਮੀ



ਕੋਟਾ (ਲੋਕ ਬਾਣੀ- ਮੁੰਬਈ ਐਕਸਪ੍ਰੈਸ ਵੇਅ ਤੇ ਇਕ ਨਿਰਮਾਣ ਅਧੀਨ ਸੁਰੰਗ ਦਾ ਇਕ ਹਿੱਸਾ ਡਿੱਗਣ ਕਾਰਨ ਇਕ ਮਜ਼ਦੂਰ ਦੀ ਮੌਤ ਹੋ ਗਈ ਅਤੇ ਤਿੰਨ ਜ਼ਖਮੀ ਹੋ ਗਏ। ਕੋਟਾ ਦਿਹਾਤੀ ਦੇ ਪੁਲਿਸ ਸੁਪਰਡੈਂਟ ਸੁਜੀਤ ਸ਼ੰਕਰ ਨੇ ਦੱਸਿਆ ਕਿ ਸੁਰੰਗ ਦਾ ਇਕ ਹਿੱਸਾ, ਜੋ ਕਿ ਦਿੱਲੀ-ਮੁੰਬਈ ਐਕਸਪ੍ਰੈਸ ਵੇਅ ਦਾ ਹਿੱਸਾ ਹੈ, ਰਾਮਗੰਜ ਮੰਡੀ ਦੇ ਮੋਦਕ ਖੇਤਰ ਵਿਚ ਡਿੱਗ ਗਿਆ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਅਤੇ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਦੇ ਅਧਿਕਾਰੀ ਮੌਕੇ ਤੇ ਪਹੁੰਚ ਗਏ।

## ਜਲੰਧਰ ਦੇ ਨਗਰ ਨਿਗਮ ਚ ਉਪਰ ਤੋਂ ਥੱਲੇ ਤੱਕ ਹੈ ਸੈਟਿੰਗ




**ਜਲੰਧਰ, ਵਿਸ਼ਾਲ ਸ਼ੈਲੀ** --ਬਿਤੇ ਦਿਨ ਜਲੰਧਰ ਦੇ ਅਤਿ-ਰੁਝੇਵੇਂ ਵਾਲੇ ਇਲਾਕੇ ਸੈਦਾਂ ਗੇਟ ਨੇੜੇ ਨਯਾ ਬਾਜ਼ਾਰ ਵਿਚ ਗੈਰ-ਕਾਨੂੰਨੀ ਤੌਰ 'ਤੇ ਕੀਤੀ ਜਾ ਰਹੀ ਉਸਾਰੀ ਦਾ ਇਕ ਹਿੱਸਾ ਡਿੱਗ ਗਿਆ, ਜਿਸ ਤੋਂ ਬਾਅਦ ਤੁਰੰਤ ਹਰਕਤ ਵਿਚ ਆਉਂਦੇ ਹੋਏ ਜਲੰਧਰ ਨਗਰ ਨਿਗਮ ਨੇ ਆਪਣੇ ਫੀਲਡ ਅਫਸਰਾਂ ਨੂੰ ਨੋਟਿਸ ਕੱਢ ਕੇ ਖਾਨਾਪੂਰਤੀ ਕਰ ਦਿੱਤੀ। ਪਰ ਅਸਲੀਅਤ ਇਹ ਹੈ ਕਿ ਸ਼ਹਿਰ ਵਿਚ ਚੱਲ ਰਹੀ ਗੈਰ-ਕਾਨੂੰਨੀ ਉਸਾਰੀ ਨੂੰ ਲੈ ਕੇ ਨਾ ਤਾਂ ਨਗਰ ਨਿਗਮ ਗੰਭੀਰ ਹੈ ਅਤੇ ਨਾ ਹੀ ਇਸ 'ਤੇ ਐਕਸ਼ਨ ਲੈਣ ਦੇ ਮੂਡ ਵਿਚ ਹੈ। ਸ਼ਹਿਰ ਚ ਲੋਕਾਂ ਦਾ ਕਹਿਣਾ ਹੈ ਕਿ ਉਤੋਂ ਥਲੇ ਤੱਕ ਸੈਟਿੰਗ ਹੈ ਜੋ ਕਰਮਚਾਰੀ ਰਿਸ਼ਵਤ ਦੇ ਕੇਸਾਂ ਚ ਫ਼ਸੇ ਹੋਏ ਸਨ ਉਨ੍ਹਾਂ ਨੂੰ ਬਹਾਲ ਕਰ ਕੇ ਆਖਰ ਜਲੰਧਰ ਚ ਕਿਉਂ ਤੇ ਕਿਸਦੀ ਸਿਫਾਰਸ਼ ਤੇ ਲਗਾਇਆ ਗਿਆ ਹੈ ਸੰਭਾਵਨਾ ਹੈ ਕਿ ਨਗਰ ਨਿਗਮ ਵਿਚ ਬੜੀ ਦੂਰ ਤਕ ਕਥਿਤ ਤੌਰ 'ਤੇ ਸੈਟਿੰਗ ਚੱਲ ਰਹੀ ਹੈ, ਜਿਸ ਕਾਰਨ ਇਹ ਸਭ ਸੰਭਵ ਹੋ ਪਾ ਰਿਹਾ ਹੈ ਜਿਸ ਦਾ ਖਮਿਆਜ਼ਾ ਆਉਣ ਵਾਲਿਆਂ ਚੋਣਾਂ ਵਿੱਚ ਸਰਕਾਰ ਨੂੰ ਭੁਗਤਣਾ ਪੈ ਸਕਦਾ ਹੈ

## ਕਿਸਾਨ ਆਗੂ 6 ਦਸੰਬਰ ਨੂੰ ਦਿੱਲੀ ਵੱਲ ਪੈਦਲ ਮਾਰਚ ਕਰਨਗੇ: ਪੰਧੇਰ



**ਡੀਗੜ੍ਹ, ਲੋਕ ਬਾਣੀ** -ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਅੱਜ ਕਿਹਾ ਕਿ ਉਨ੍ਹਾਂ ਦੇ ਆਗੂਆਂ ਦੀ ਅਗਵਾਈ ਵਿੱਚ ਕਿਸਾਨਾਂ ਦਾ ਇੱਕ ਜਥਾ ਛੇ ਦਸੰਬਰ ਨੂੰ ਪੈਦਲ ਹੀ ਦਿੱਲੀ ਵੱਲ ਮਾਰਚ ਕਰੇਗਾ। ਉਨ੍ਹਾਂ ਘੱਟੋ-ਘੱਟ ਸਮਰਥਨ ਮੁੱਲ 'ਤੇ ਕਾਨੂੰਨੀ ਗਾਰੰਟੀ ਸਣੇ ਹੋਰ ਕਿਸਾਨੀ ਮੁੱਦਿਆਂ 'ਤੇ ਕੋਈ ਗੱਲਬਾਤ ਨਾ ਕਰਨ 'ਤੇ ਕੇਂਦਰ ਦੀ ਨਿਖੇਧੀ ਕੀਤੀ।

ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ (ਕੇਐੱਮਐੱਮ) ਦੀ ਅਗਵਾਈ ਹੇਠ ਕਿਸਾਨ 13 ਫਰਵਰੀ ਤੋਂ ਸ਼ੰਭੂ ਅਤੇ ਖਨੌਰੀ ਹੱਦਾਂ 'ਤੇ ਡੇਰੇ ਲਾ ਕੇ ਬੈਠੇ ਹੋਏ ਹਨ।


B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |



91000-79-579 | 98141-92-632
Shop No 5,Adda Kapur Pind,Opp IndusInd Bank,Jalandhar.

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ

ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ

easyvisa | 81980 95553

# ਪੰਜਾਬ 'ਚ ਜਾਅਲੀ ਸਰਟੀਫਿਕੇਟ ਪੇਸ਼ ਕਰਕੇ ਕੀਤਾ ਵੱਡਾ ਘੁਟਾਲਾ, FIR ਦਰਜ

ਚੰਡੀਗੜ੍ਹ- (ਲੋਕ ਬਾਣੀ) ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਸੰਗਰੂਰ ਜ਼ਿਲ੍ਹੇ ਦੇ ਕਸਬਾ ਭਵਾਨੀਗੜ੍ਹ ਸਥਿਤ ਸਿੰਗਲਾ ਫੂਡ ਪ੍ਰੋਡਕਟਸ ਨਾਮੀ ਚੌਲ ਮਿੱਲ ਦੇ ਚਾਰ ਭਾਈਵਾਲਾਂ ਵਿਰੁੱਧ ਝੋਨੇ ਦੀਆਂ 14 ਬੋਰੀਆਂ ਖੁਰਦ-ਬੁਰਦ ਕਰਨ ਅਤੇ ਸਰਕਾਰ ਨੂੰ ਭਾਰੀ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਅਪਰਾਧਿਕ ਮਾਮਲਾ ਦਰਜ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਚੌਲ ਮਿੱਲ ਵਿਰੁੱਧ ਇਹ ਜਾਂਚ ਉਸ ਵੇਲੇ ਪਨਸਪ ਦੇ ਪ੍ਰਬੰਧਕੀ ਡਾਇਰੈਕਟਰ ਵੱਲੋਂ ਪ੍ਰਾਪਤ ਪੱਤਰ ਦੇ ਅਧਾਰ 'ਤੇ ਕੀਤੀ ਗਈ ਹੈ। ਉਕਤ ਚੌਲ ਮਿੱਲਰ ਨੇ ਸਾਲ 2011-2012 ਦੌਰਾਨ ਝੋਨੇ ਅਤੇ ਚੌਲਾਂ ਦੇ ਭੰਡਾਰਨ ਲਈ ਸੂਬੇ ਦੀ ਖਰੀਦ ਅਥਾਰਟੀ ਪਨਸਪ ਨਾਲ ਸਮਝੌਤਾ ਸਹੀਬੱਧ ਕੀਤਾ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਤਤਕਾਲੀ ਜ਼ਿਲ੍ਹਾ ਕੰਟਰੋਲਰ, ਖੁਰਾਕ ਤੇ ਸਿਵਲ ਸਪਲਾਈਜ਼ ਅਤੇ ਖ਼ਪਤਕਾਰ ਮਾਮਲੇ (ਡੀ.ਐਫ.ਐਸ.ਸੀ.) ਵਿਭਾਗ, ਸੰਗਰੂਰ ਨੇ ਉਕਤ ਚੌਲ ਮਿੱਲ ਖ਼ਿਲਾਫ਼ ਝੋਨੇ ਦੀ ਘਪਲੇਬਾਜ਼ੀ ਸਬੰਧੀ ਜਾਂਚ ਕਰਨ ਲਈ ਤਤਕਾਲੀ ਜ਼ਿਲ੍ਹਾ ਮੈਨੇਜਰ ਪਨਸਪ, ਸੰਗਰੂਰ ਨੂੰ ਸ਼ਿਕਾਇਤ ਪੱਤਰ ਭੇਜਿਆ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਉਸ ਵੇਲੇ ਤਾਇਨਾਤ ਡਿਪਟੀ ਮੈਨੇਜਰ (ਸਟੋਰੇਜ) ਪਨਸਪ ਜਸਪਾਲ ਸ਼ਰਮਾ ਅਤੇ ਡੀ.ਐਫ.ਐਸ.ਸੀ. ਅੰਜੁਮਨ ਭਾਸਕਰ ਵੱਲੋਂ ਸਾਂਝੇ ਤੌਰ 'ਤੇ ਸਿੰਗਲਾ ਫੂਡ ਪ੍ਰੋਡਕਟਸ ਅਤੇ ਸਿੰਗਲਾ ਐਗਰੋ ਮਿੱਲ, ਭਵਾਨੀਗੜ੍ਹ ਦੀ ਕੀਤੀ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਸਿੰਗਲਾ ਫੂਡ ਪ੍ਰੋਡਕਟਸ ਵਿੱਚ ਝੋਨੇ ਦੀਆਂ 14 ਬੋਰੀਆਂ ਘੱਟ ਸਨ।

ਬੁਲਾਰੇ ਨੇ ਅੱਗੇ ਦੱਸਿਆ ਕਿ ਉਕਤ ਚੌਲ ਮਿੱਲ ਮਾਲਕ ਨੇ ਚੌਲਾਂ ਦੀਆਂ ਬੋਰੀਆਂ ਦੇ ਗਾਇਬ ਹੋਣ ਦਾ ਨਾਜਾਇਜ਼ ਫਾਇਦਾ ਚੁੱਕਣ ਲਈ ਨਾਭਾ ਦੇ ਇੱਕ ਗੋਦਾਮ ਵਿੱਚ ਉਸ ਸਮੇਂ ਤਾਇਨਾਤ ਭਾਰਤੀ ਖੁਰਾਕ ਨਿਗਮ (ਐਫ.ਸੀ.ਆਈ.) ਦੇ ਸਬੰਧਤ ਅਧਿਕਾਰੀਆਂ ਵੱਲੋਂ ਜਾਰੀ ਕੀਤਾ ਜਾਅਲੀ ਸਰਟੀਫਿਕੇਟ ਜਾਂਚ ਟੀਮ ਅੱਗੇ ਪੇਸ਼ ਕੀਤਾ ਸੀ। ਇਸ ਸਰਟੀਫਿਕੇਟ ਦੇ ਸਬੰਧ ਵਿੱਚ ਉਨ੍ਹਾਂ ਦੋਵੇਂ ਐਫ.ਸੀ.ਆਈ. ਅਧਿਕਾਰੀਆਂ ਨੇ ਜਵਾਬ ਦਿੱਤਾ ਸੀ ਕਿ ਸਰਟੀਫਿਕੇਟ 'ਤੇ ਉਨ੍ਹਾਂ ਦੇ ਦਸਤਖਤ ਜਾਅਲੀ ਹਨ।

ਇਸ ਜਾਂਚ ਰਿਪੋਰਟ ਦੇ ਆਧਾਰ 'ਤੇ ਸਿੰਗਲਾ ਫੂਡ ਪ੍ਰੋਡਕਟਸ, ਭਵਾਨੀਗੜ੍ਹ ਦੇ ਚਾਰ ਭਾਈਵਾਲਾਂ ਪਵਨ ਕੁਮਾਰ ਅਤੇ ਤਿੰਨ ਮਹਿਲਾ ਭਾਈਵਾਲਾਂ ਲੀਲਾਵਤੀ, ਮੰਜੂ ਸਿੰਗਲਾ ਅਤੇ ਸਮੀਰਾ ਸਿੰਗਲਾ ਵਿਰੁੱਧ ਭਾਰਤੀ ਦੰਡਾਵਲੀ ਦੀ ਧਾਰਾ 406, 420, 465, 467, 468, 471, 120-ਬੀ ਤਹਿਤ ਥਾਣਾ ਆਰਥਿਕ ਅਪਰਾਧ ਵਿੰਗ, ਲੁਧਿਆਣਾ ਰੇਂਜ ਵਿਖੇ ਅਪਰਾਧਿਕ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਪੁਲਿਸ ਥਾਣੇ ਦੇ ਬਾਹਰ ਜਬਰਦਸਤ ਧਮਾਕਾ, ਇਲਾਕੇ 'ਚ ਫੈਲੀ ਸਨਸਨੀ



ਅੰਮ੍ਰਿਤਸਰ (ਲੋਕ ਬਾਣੀ)-ਪੰਜਾਬ ਦੇ ਅਜਨਾਲਾ ਥਾਣੇ ਦੇ ਨੇੜਿਓਂ ਮਿਲੀ ਧਮਾਕਾਖੇਜ ਸਮਗਰੀ ਦਾ ਤਾਂ ਹਾਲੇ ਮਾਮਲਾ ਠੰਡਾ ਨਹੀਂ ਸੀ ਪਿਆ ਕਿ, ਅੰਮ੍ਰਿਤਸਰ ਦੇ ਗੁਰਬਖਸ਼ ਨਗਰ ਥਾਣੇ ਦੇ ਬਾਹਰ ਧਮਾਕੇ ਦੀ ਜ਼ੋਰਦਾਰ ਆਵਾਜ਼ ਸੁਣਾਈ ਦਿੱਤੀ। ਜਿਸ ਦੇ ਕਾਰਨ ਇਲਾਕੇ ਵਿੱਚ ਸਨਸਨੀ ਫੈਲ ਗਈ।

ਜਾਣਕਾਰ ਦਸਦੇ ਹਨ ਕਿ, ਇਹ ਧਮਾਕਾ ਸ਼ੁਕਰਵਾਰ ਤੜਕ ਸਵੇਰੇ ਹੋਇਆ। ਧਮਾਕਾ ਕਿਵੇਂ ਹੋਇਆ ? ਇਸ ਬਾਰੇ ਪੁਲਿਸ ਨੇ ਹਾਲੇ ਤੱਕ ਕੋਈ ਵੀ ਜਾਣਕਾਰੀ ਨਹੀਂ ਦਿੱਤੀ।

ਦੂਜੇ ਪਾਸੇ ਘਟਨਾ ਦੀ ਸੂਚਨਾ ਮਿਲਦੇ ਹੀ ਏਡੀਸੀਪੀ ਵਿਸ਼ਾਲਜੀਤ ਮੌਕੇ ਤੇ ਪਹੁੰਚੇ, ਜਿਨ੍ਹਾਂ ਨੇ ਦੱਸਿਆ ਕਿ ਧਮਾਕੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਇਹ ਧਮਾਕਾ ਕਿਵੇਂ ਹੋਇਆ ਇਸ ਬਾਰੇ ਹਾਲੇ ਕੁਝ ਵੀ ਕਹਿਣਾ ਠੀਕ ਨਹੀਂ ਹੈ।

ਉਹਨਾਂ ਕਿਹਾ ਕਿ ਜਾਂਚ ਪੜਤਾਲ ਤੋਂ ਬਾਅਦ ਹੀ ਅਸੀਂ ਕੁਝ ਦੱਸ ਸਕਾਂਗੇ ਕਿ ਇਹ ਧਮਾਕਾ ਕਿਵੇਂ ਹੋਇਆ ਅਤੇ ਇਸ ਦੇ ਪਿੱਛੇ ਕੌਣ ਹੈ ?

# ਅੰਮ੍ਰਿਤਸਰ ਦੇ ਇੱਕੋ ਪਿੰਡ ਦੇ ਦੋ ਨੌਜਵਾਨਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਹੋਈਆਂ ਮੌਤਾਂ, ਪਿੰਡ ਚ ਸੋਗ ਦੀ ਲਹਿਰ



ਅੰਮ੍ਰਿਤਸਰ (ਲੋਕ ਬਾਣੀ)- ਪੰਜਾਬ ਦੇ ਅੰਮ੍ਰਿਤਸਰ ਜ਼ਿਲ੍ਹੇ ਦੀ ਪੁਲਿਸ ਥਾਣਾ ਲੋਪੋਕੇ ਅਧੀਨ ਆਉਂਦੇ ਪਿੰਡ ਕੋਹਾਲੀ ਵਿਖੇ ਨਸ਼ੇ ਦੀ ਓਵਰਡੋਜ਼ ਕਾਰਨ ਦੋ ਹੋਰ ਨੌਜਵਾਨਾਂ ਦੀ ਮੌਤ ਹੋ ਜਾਣ ਕਾਰਨ ਪਿੰਡ ਚ ਸੋਗ ਦੀ ਲਹਿਰ ਦੌੜ ਰਹੀ ਹੈ। ਮ੍ਰਿਤਕ ਨੌਜਵਾਨ ਦੀ ਪਛਾਣ ਬਾਰ੍ਹਵੀਂ ਪਾਸ ਸਰਬਜੀਤ ਸਿੰਘ ਉਰਫ ਸਾਬੀ (52) ਪੁੱਤਰ ਸਾਬਕਾ ਇੰਸਪੈਕਟਰ ਪੰਜਾਬ ਰੋਡਵੇਜ਼ ਮਰਹੂਮ ਹਰਭਜਨ ਸਿੰਘ ਜੋ ਕਿ ਜ਼ਿਮੀਂਦਾਰ ਪਰਿਵਾਰ ਨਾਲ ਸੰਬੰਧਿਤ ਸੀ, ਪਿਛਲੇ ਲੰਬੇ ਸਮੇਂ ਤੋਂ ਬੁਰੀ ਸੰਗਤ ਵਿਚ ਪੈਣ ਗਿਆ ਸੀ, ਜਿਸ ਕਰਕੇ ਨਸ਼ਿਆਂ ਦਾ ਆਦੀ ਹੋ ਗਿਆ ਅਤੇ ਕੁਝ ਸਮੇਂ ਤੋਂ ਉਹ ਦੂਸਰੇ ਵੱਡੇ ਭਰਾ ਤੋਂ ਵੱਖਰਾ ਰਹਿੰਦਾ ਸੀ। ਅੱਜ ਸਵੇਰੇ ਜਦੋਂ ਉਸਦੀ ਸਿਹਤ ਵਿਗੜੀ ਹੈ,ਤਾਂ ਪਰਿਵਾਰਕ ਮੈਂਬਰਾਂ ਨੇ ਉਸਨੂੰ ਹਸਪਤਾਲ ਦਾਖ਼ਲ ਕਰਵਾਇਆ ਗਿਆ, ਜਿਥੇ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ।

ਇਸੇ ਪਿੰਡ ਦਾ ਦੂਸਰਾ ਨੌਜਵਾਨ ਮਜ਼ਦੂਰ ਪਰਿਵਾਰ ਨਾਲ ਸੰਬੰਧਿਤ ਦੱਸਿਆ ਜਾ ਰਿਹਾ ਹੈ, ਜਿਸ ਦੀ ਪਛਾਣ ਸ਼ਮਸ਼ੇਰ ਸਿੰਘ ਪੁੱਤਰ ਗੁਰਮੀਤ ਸਿੰਘ ਵਜੋਂ ਹੋਈ ਹੈ, ਜੋ ਕਿ ਇਕ ਭੈਣ ਦਾ ਇਕਲੌਤਾ ਭਰਾ ਸੀ ਅਤੇ ਮਿਹਨਤ ਮਜ਼ਦੂਰੀ ਕਰਦਾ ਸੀ। ਪਰਿਵਾਰ ਅਨੁਸਾਰ ਉਹ ਪਿਛਲੇ ਕਾਫ਼ੀ ਸਮਾਂ ਪਹਿਲਾਂ ਹੀ ਨਸ਼ਿਆਂ ਦਾ ਆਦੀ ਸੀ। ਕੱਲ੍ਹ ਨੂੰ ਉਹ ਆਪਣੀ ਭੂਆ ਕੋਲ ਪਿੰਡ ਭੁੱਲਰ ਵਿਖੇ ਗਿਆ ਹੋਇਆ ਸੀ, ਜਿਥੇ ਨਸ਼ੇ ਦਾ ਟੀਕਾ ਲਗਾਉਣ ਕਰਕੇ ਉਸ ਦੀ ਸਿਹਤ ਵਿਗੜ ਗਈ ਅਤੇ ਕੁਝ ਸਮੇਂ ਬਾਅਦ ਹੀ ਹਸਪਤਾਲ ਵਿਚ ਜਾ ਕੇ ਉਸ ਦੀ ਮੌਤ ਹੋ ਗਈ। ਇਕੋ ਦਿਨ ਹੋਈਆਂ ਦੋ ਮੌਤਾਂ ਕਾਰਨ ਪਿੰਡ ਵਿਚ ਜਿਥੇ ਸੋਗ ਦੀ ਲਹਿਰ ਹੈ।

# ਕਲੱਬਾਂ 'ਤੇ ਸੁੱਟੇ ਬੰਬ, ਲੋਕਾਂ 'ਚ ਦਹਿਸ਼ਤ ਦਾ ਮਾਹੌਲ



ਚੰਡੀਗੜ੍ਹ (ਲੋਕ ਬਾਣੀ)-ਚੰਡੀਗੜ੍ਹ ਦੇ ਸੈਕਟਰ 26 ਵਿੱਚ ਸਥਿਤ ਗਾਇਕ ਬਾਦਸ਼ਾਹ ਦੇ ਕਲੱਬ ਸਮੇਤ ਦੋ ਕਲੱਬਾਂ ਤੇ ਬੰਬ ਸੁੱਟੇ ਜਾਣ ਦੀ ਖ਼ਬਰ ਹੈ।

ਜਾਣਕਾਰੀ ਮੁਤਾਬਿਕ, ਇਨ੍ਹਾਂ ਧਮਾਕਿਆਂ ਦੇ ਕਾਰਨ ਕਲੱਬਾਂ ਦੇ ਸ਼ੀਸ਼ੇ ਟੁੱਟ ਗਏ।

ਹਾਲਾਂਕਿ ਪੁਲਿਸ ਦੀਆਂ ਟੀਮਾਂ ਨੂੰ ਜਿਵੇਂ ਹੀ ਘਟਨਾ ਦੀ ਸੂਚਨਾ ਮਿਲੀ, ਉਹ ਤੁਰੰਤ ਮੌਕੇ ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸਾਂਸਦ ਔਜਲਾ ਨੇ 9 ਕਰੋੜ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਉਦਘਾਟਨ ਕੀਤਾ



ਅੰਮ੍ਰਿਤਸਰ (ਲੋਕ ਬਾਣੀ) ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੱਜ ਹਲਕਾ ਮਜੀਠਾ ਵਿੱਚ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ 9 ਕਰੋੜ 2 ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਕਰੀਬ 9 ਕਿਲੋਮੀਟਰ ਸੜਕ ਦਾ ਉਦਘਾਟਨ ਕੀਤਾ। ਇਹ ਸੜਕ ਤਲਵੰਡੀ ਤੋਂ ਹਮਜਾ ਰੋਡ ਤੋਂ ਮਜੀਠਾ ਵਾਇਆ ਬੇਗੇਵਾਲ ਤੱਕ ਬਣਾਈ ਜਾ ਰਹੀ ਹੈ।

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਉਹ ਜਦੋਂ ਵੀ ਇਸ ਇਲਾਕੇ ਵਿੱਚ ਆਉਂਦੇ ਸਨ ਤਾਂ ਉਨ੍ਹਾਂ ਵੱਲੋਂ ਇਸ ਸੜਕ ਨੂੰ ਬਣਾਉਣ ਦੀ ਹਮੇਸ਼ਾ ਮੰਗ ਕੀਤੀ ਜਾਂਦੀ ਸੀ, ਜਿਸ ਨੂੰ ਉਨ੍ਹਾਂ ਨੇ ਪੂਰਾ ਕਰ ਦਿੱਤਾ, ਅੱਜ ਇਸ ਸੜਕ ਦਾ ਕੰਮ ਸ਼ੁਰੂ ਹੋ ਗਿਆ ਹੈ ਅਤੇ ਇਹ ਨਵੰਬਰ ਮਹੀਨੇ ਵਿੱਚ ਮੁਕੰਮਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਕਹਿੰਦੇ ਰਹੇ ਹਨ ਕਿ ਕੇਂਦਰ ਸਰਕਾਰ ਵੱਲੋਂ ਕੀਤੇ ਗਏ ਕੰਮ ਉਨ੍ਹਾਂ ਦੀ ਜ਼ਿੰਮੇਵਾਰੀ ਹੈ, ਇਸ ਲਈ ਉਹ ਹਮੇਸ਼ਾ ਹਾਜ਼ਰ ਹਨ ਅਤੇ ਜੋ ਕੰਮ ਰਾਜ ਸਰਕਾਰ ਦੇ ਅਧੀਨ ਆਉਂਦੇ ਹਨ, ਉਨ੍ਹਾਂ ਨੂੰ ਰਾਜ ਸਰਕਾਰ ਤੱਕ ਪਹੁੰਚਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਇਸ ਸੜਕ ਦੀ ਨਿਗਰਾਨੀ ਮੰਡੀ ਬੋਰਡ ਵੱਲੋਂ ਕੀਤੀ ਜਾਵੇਗੀ ਅਤੇ ਉਨ੍ਹਾਂ ਨੇ ਠੇਕੇਦਾਰ ਨੂੰ ਸਖ਼ਤ ਸ਼ਬਦਾਂ ਵਿੱਚ ਕਿਹਾ ਹੈ ਕਿ ਇਹ ਸੜਕ ਵਧੀਆ ਕੁਆਲਿਟੀ ਦੀ ਹੋਣੀ ਚਾਹੀਦੀ ਹੈ ਅਤੇ ਇਸ ਵਿੱਚ ਇੱਕ ਰੁਪਏ ਦਾ ਵੀ ਭ੍ਰਿਸ਼ਟਾਚਾਰ ਨਹੀਂ ਹੋਣਾ ਚਾਹੀਦਾ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਉਹ ਖੁਦ ਇਸ ਦੀ ਸਮੇਂ-ਸਮੇਂ ਤੇ ਜਾਂਚ ਕਰਵਾਉਣਗੇ ਕਿਉਂਕਿ ਇਹ ਜਨਤਾ ਦਾ ਪੈਸਾ ਹੈ ਅਤੇ ਬਿਨਾਂ ਕਿਸੇ ਪਰੇਸ਼ਾਨੀ ਦੇ ਲੋਕਾਂ ਤੱਕ ਪਹੁੰਚਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਕਾਂਗਰਸ ਦੇ ਸਾਰੇ ਸੀਨੀਅਰ ਆਗੂ ਉਨ੍ਹਾਂ ਦੇ ਨਾਲ ਮੌਜੂਦ ਹਨ ਅਤੇ ਇਸ ਸੜਕ ਨੂੰ ਬਣਾਉਣ ਬਾਰੇ ਹਮੇਸ਼ਾ ਚਰਚਾ ਹੁੰਦੀ ਰਹੀ ਹੈ।ਇਸ ਦੌਰਾਨ ਉਥੋਂ ਦੇ ਲੋਕਾਂ ਵੱਲੋਂ ਮੰਗ ਕੀਤੀ ਗਈ ਕਿ ਹਲਕਾ ਮਜੀਠਾ ਦੀਆਂ ਲਗਭਗ ਸਾਰੀਆਂ ਸੜਕਾਂ ਛੋਟੀਆਂ ਹਨ, ਜਿਸ ਦਾ ਜਵਾਬ ਦਿੰਦਿਆਂ ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਜਦੋਂ ਉਨ੍ਹਾਂ ਨੂੰ ਕੋਈ ਮੰਗ ਆਉਂਦੀ ਹੈ ਤਾਂ ਉਹ ਇਸ ਤੇ ਕੰਮ ਕਰਵਾਉਂਦੇ ਹਨ। ਅਤੇ ਕਈ ਵਾਰ ਇਲਾਕਾ ਵੱਡਾ ਹੋਣ ਕਾਰਨ ਮੰਗਾਂ ਨਹੀਂ ਆਉਂਦੀਆਂ ਜਿਸ ਕਾਰਨ ਪੈਂਡਿੰਗ ਕੰਮ ਦੀ ਜਾਣਕਾਰੀ ਨਹੀਂ ਮਿਲਦੀ। ਇਸ ਲਈ ਉਹ ਇਸ ਮੰਗ ਨੂੰ ਲੈ ਕੇ ਹਲਕਾ ਵਿਧਾਇਕ ਨੂੰ ਬੇਨਤੀ ਕਰਦੇ ਹਨ ਕਿ ਉਹ ਇਸ ਮੰਗ ਨੂੰ ਪ੍ਰਵਾਨ ਕਰਕੇ ਉਨ੍ਹਾਂ ਨੂੰ ਭੇਜ ਦੇਣ ਅਤੇ ਪ੍ਰਧਾਨ ਮੰਤਰੀ ਸੜਕ ਗ੍ਰਾਮ ਯੋਜਨਾ ਤਹਿਤ ਇਸ ਦਾ ਨਿਰਮਾਣ ਕਰਵਾ ਦੇਣਗੇ। ਉਨ੍ਹਾਂ ਕਿਹਾ ਕਿ ਉਹ ਸਾਰੇ ਆਗੂਆਂ ਨੂੰ ਵੀ ਅਪੀਲ ਕਰਦੇ ਹਨ ਕਿ ਉਹ ਆਪਣੇ ਇਲਾਕੇ ਦੇ ਸਾਰੇ ਪੈਂਡਿੰਗ ਕੰਮਾਂ ਬਾਰੇ ਉਨ੍ਹਾਂ ਨੂੰ ਜਾਣੂ ਕਰਵਾਉਣ ਅਤੇ ਇਸ ਤੋਂ ਬਾਅਦ ਉਨ੍ਹਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਕੇਂਦਰ ਸਰਕਾਰ ਤੋਂ ਕੰਮ ਮੁਕੰਮਲ ਕਰਵਾ ਕੇ ਇਸ ਲਈ ਫੰਡ ਲਿਆਉਣ।

ਇਸ ਮੌਕੇ ਸਾਬਕਾ ਦਿਹਾਤੀ ਪ੍ਰਧਾਨ ਭਗਵੰਤ ਪਾਲ ਸਿੰਘ ਸੱਚਰ, ਪਰਮਦੀਪ ਸਿੰਘ ਪੰਮਾ ਪ੍ਰਧਾਨ ਮਜੀਠਾ, ਜਗਦੀਪ ਸਿੰਘ ਗੋਗਾ ਮਜੀਠਾ, ਸਰਪੰਚ ਰਣਦੀਪ ਸਿੰਘ ਮਾੜੀ, ਸਰਪੰਚ ਸਵਰਨ ਸਿੰਘ ਕਾਲਾ ਰਾਮ ਦਿਵਾਲੀ ਹਿੰਦੂ, ਇਕਬਾਲ ਸਿੰਘ ਬਾਠ ਭੀਲੋਵਾਲ, ਸਰਪੰਚ ਨਿਸ਼ਾਨ ਸਿੰਘ, ਸਰਪੰਚ ਲਖਵਿੰਦਰ ਸਿੰਘ ਬੇਗੇਵਾਲ, ਸ. ਮੈਂਬਰ ਗੁਰਜੀਤ ਸਿੰਘ ਬਿੱਲਾ ਨਾਗ ਕਲਾਂ, ਸਬਕਾ ਸਰਪੰਚ ਸਰਦੂਲ ਪਾਲ ਕੁਲੀਆਂ, ਬਲਾਕ ਪ੍ਰਧਾਨ ਸ ਨਵਤੇਜ ਸਿੰਘ ਸੋਹੀਆ, ਨਵਦੀਪ ਸਿੰਘ ਸੋਹਨਾ ਕਾਂਗਰਸ ਸ਼ਹਿਰੀ ਪ੍ਰਧਾਨ ਮਜੀਠਾ ਆਦਿ ਹਾਜ਼ਰ ਸਨ।

## ਨਵੀਂ ਗੀਤ

ਆਓ ਮੇਰੇ ਸਾਥੀਓ
ਇੱਕ ਨਵੀਂ ਗੀਤ ਚਲਾਈਏ
ਹਰ ਇੱਕ ਨਵੀਂ ਜ਼ਿੰਦਗੀ ਦੇ
ਜਨਮ ਤੇ ਇੱਕ ਬੂਟਾ ਲਾਈਏ
ਉਹ ਰੁੱਖ ਜੋ ਪ੍ਰਤੀਕ ਹੋਵੇ
ਸਾਹਾਂ ਦਾ
ਉਹ ਰੁੱਖ ਜੋ ਦੁਆਵਾਂ ਨਾਲ ਪਾਲਿਆ ਜਾਵੇ ਮਾਂ ਲਵੇ
ਬਲਾਵਾਂ ਉਸ ਦੀਆਂ
ਬੱਚਿਆਂ ਵਾਂਗ ਸੰਭਾਲਿਆ ਜਾਵੇ
ਫਿਰ ਡਰ ਮੁੱਕ ਜਾਊ ਇਸ ਡਾਕਟਰਾਂ ਵਾਲੀ ਜ਼ਿੰਦਗੀ ਦਾ
ਹਰ ਮੋੜ ਤੇ ਨੀਮ , ਬੋਹੜ ਦੀ ਛਾਂ ਆਵੇ ਮੁਸਕੁਰਾਂਦਾ
ਹੋਇਆ ਹਰ ਰਾਹ ਬੋਲੇ ਏ ਮੈਂ ਹਾਂ ,ਏ ਮੈਂ ਹਾਂ
ਆਓ ਧਰਤੀ ਨੂੰ ਸਵਰਗ ਬਣਾਈਏ ਹਰ ਜਨਮ ਦੇ ਨਾਲ
ਇਕ ਬੂਟਾ ਲਾਈਏ ਆਓ ਇੱਕ ਨਵੀਂ ਗੀਤ ਬਣਾਈਏ



ਪ੍ਰੋਫੈਸਰ: ਸੁਸ਼ਮਾ ਅੱਤਰੀ
ਐਸ ਐਸ ਐਮ ਕਾਲਜ
ਦੀਨਾਨਗਰ।

# ਨਹਿਰੂ ਯੁਵਾ ਕੇਂਦਰ ਮਾਨਸਾ ਅਤੇ ਮਾਈ ਭਾਗੋ ਡਿਗਰੀ ਅਤੇ ਐਜੂਕੇਸ਼ਨ ਕਾਲਜ ਰੱਲਾ (ਮਾਨਸਾ) ਵੱਲੋਂ ਜਿਲਾ ਪੱਧਰੀ ਯੁਵਾ ਉਤਸਵ ਦਾ ਆਯੋਜਨ

ਮਾਨਸਾ (ਲੋਕ ਬਾਣੀ) ਨਹਿਰੂ ਯੁਵਾ ਕੇਂਦਰ ਮਾਨਸਾ ਵੱਲੋਂ ਜ਼ਿਲ੍ਹਾ ਪੱਧਰੀ ਯੁਵਾ ਉਤਸਵ ਦਾ ਆਯੋਜਨ ਮਾਈ ਭਾਗੋ ਡਿਗਰੀ ਅਤੇ ਐਜੂਕੇਸ਼ਨ ਕਾਲਜ ਰੱਲਾ (ਮਾਨਸਾ) ਵਿਖੇ ਕੀਤਾ ਗਿਆ।

ਇਸ ਮੌਕੇ ਨਹਿਰੂ ਯੁਵਾ ਕੇਂਦਰ ਮਾਨਸਾ ਦੇ ਜ਼ਿਲ੍ਹਾ ਯੂਥ ਅਫਸਰ ਸ. ਸਰਬਜੀਤ ਸਿੰਘ ਪਹੁੰਚੇ ਤੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਪ੍ਰੋਗਰਾਮ ਬਾਰੇ ਜਾਣਕਾਰੀ ਦਿਤੀ।ਉਹਨਾਂ ਕਿਹਾ ਕਿ ਇਸ ਯੁਵਾ ਉਤਸਵ ਵਿਚ ਨੌਜਵਾਨਾਂ ਦੀ ਪ੍ਰਤਿਭਾ ਨੂੰ ਉਭਾਰਨ ਲਈ ਭਾਰਤ ਸਰਕਾਰ ਵੱਲੋਂ 7 ਯੁਵਾ ਕੇਂਦਰਿਤ ਮੁਕਾਬਲੇ ਕਰਵਾਏ ਜਾਂਦੇ ਹਨ,ਜਿਨ੍ਹਾਂ ਵਿਚ ਮੋਬਾਈਲ, ਫੋਟੋਗ੍ਰਾਫੀ ਮੁਕਾਬਲੇ, ਪੇਟਿੰਗ ਮੁਕਾਬਲੇ, ਕਵਿਤਾ ਲੇਖਣ ਮੁਕਾਬਲਾ, ਸਇੰਸ ਮੇਲਾ(ਸਿੰਗਲ), ਸਇੰਸ ਮੇਲਾ (ਗੁਰੱਪ) , ਭਾਸ਼ਣ ਮੁਕਾਬਲੇ ਅਤੇ ਸਭਿਆਚਾਰਕ ਮੁਕਾਬਲੇ ਸ਼ਾਮਿਲ ਹਨ। ਓਹਨਾ ਦਸਿਆ ਕਿ ਇਹਨਾਂ ਮੁਕਾਬਲਿਆਂ ਵਿਚ ਮਾਨਸਾ ਜਿਲੇ ਦੇ ਵੱਖ ਵੱਖ ਪਿੰਡਾਂ ਤੋਂ 15-29 ਸਾਲਾਂ ਦੇ ਨੌਜਵਾਨਾਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦਾ ਥੀਮ ਪੰਚ ਪ੍ਰਣ ਹੈ।

ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਆਈ ਏ ਐਸ਼ ਨੇ ਜੋਤ ਜਗਾ ਕਿ ਪ੍ਰੋਗਰਾਮ ਦਾ ਉਦਘਾਟਨ ਕੀਤਾ ਉਹਨਾ ਨੇ ਕਿਹਾ ਕਿ ਨੌਜਵਾਨਾਂ ਦੇ ਹੁਨਰ ਨੂੰ ਪਹਿਚਾਣ ਦੇਣ ਲਈ ਨਹਿਰੂ ਯੁਵਾ ਕੇਂਦਰ ਦਾ ਇਹ ਪ੍ਰੋਗਰਾਮ ਸ਼ਲਾਘਾਯੋਗ ਹੈ। ਇਹਨਾਂ ਪ੍ਰੋਗਰਾਮਾਂ ਸਦਕਾ ਨੌਜਵਾਨਾਂ ਨੂੰ ਆਪਣੀ ਪੜਾਈ ਦੇ ਨਾਲ ਨਾਲ ਆਪਣੇ ਹੁਨਰ ਨੂੰ ਵੀ ਨਿਖਾਰਨ ਦਾ ਮੌਕਾ ਮਿਲਦਾ ਹੈ।

ਪ੍ਰੋਗਰਾਮ ਦਾ ਮੰਚ ਸੰਚਾਲਨ ਸਰਨਜੀਤ ਸਿੰਘ ਨੇ ਕੀਤਾ ਅਤੇ ਉਹਨਾ ਨੇ ਦੱਸ਼ਿਆ ਕਿ ਅਤੇ ਪ੍ਰੋਗਰਾਮ ਦੇ ਪੇਟਿੰਗ ਮੁਕਾਬਲੇ ਵਿੱਚ 30 ਭਾਗੀਦਾਰਾਂ, ਕਵਿਤਾ ਮੁਕਾਬਲੇ ਵਿੱਚ 30 ਭਾਗੀਦਾਰਾਂ, ਫੋਟੋਗ੍ਰਾਫੀ ਵਿੱਚ 40 ਭਾਗੀਦਾਰਾਂ, ਭਾਸ਼ਣ ਮੁਕਾਬਲੇ 11 ਭਾਗੀਦਾਰਾਂ ਸਇੰਸ ਮੇਲਾ (ਸਿੰਗਲ)





ਵਿੱਚ ਭਾਗੀਦਾਰਾਂ 30 ਸਇੰਸ ਮੇਲਾ (ਗੁਰੱਪ) ਭਾਗੀਦਾਰਾਂ 10 ਅਤੇ ਸੱਭਿਆਚਾਰ ਵਿੱਚ 10 ਟੀਮਾਂ ਨੇ ਭਾਗ ਲਿਆ ਉਹਨਾ ਨੇ ਦੱਸਿਆਂ ਕਿ ਜੱਜਾਂ ਦੀ ਭੂਮਿਕਾ ਹਰਪ੍ਰੀਤ ਸਿੰਘ ਸ਼ਰਕਾਰੀ ਸੈਕੰਡਰੀ ਸਕੂਲ਼ ਮੂਸਾ, ਰਾਜਵਿੰਦਰ ਸਿੰਘ ਪਰਗਟ ਸਿੰਘ, ਗੁਰਪ੍ਰੀਤ ਸਿੰਘ, ਗੁਰਪਿਆਰਾ ਸਿੰਘ, ਦਰਸਨ ਸਿੰਘ ਬੇਰਟਾ, ਗੁਰਪ੍ਰੀਤ ਸਿੰਘ, ਰਜਿੰਦਰ ਸਿੰਘ, ਗੁਰਪ੍ਰੀਤ ਕੌਰ, ਹਰਸ ਰਾਣੀ ਪਾਰੁਲ ਗੁਪਤਾ ,ਅਮਨਦੀਪ ਕੌਰ, ਸੁਖਵੀਰ ਸਿੰਘ, ਵੀਰਪਾਲ ਕੌਰ, ਪਰਮਜੀਤ ਕੌਰ, ਸਰਬਜੀਤ ਕੌਰ, ਜਸਵੀਰ ਕੌਰ, ਗੁਰਪ੍ਰੀਤ ਕੌਰ, ਹਰਪ੍ਰੀਤ ਸਿੰਘ ਅਸਵਨੀ ਬਾਵਾ, ਧੀਰਾ ਸਿੰਘ ਨੇ ਨਿਭਾਈ ।ਇਨਾਮ ਵੰਡ ਸਮਾਗਮ ਵਿੱਚ ਮਾਨਯੋਗ ਡਾ ਵਿਜੈ ਸਿੰਗਲਾ ਐਮ ਐਲ ਏ ਮਾਨਸਾ ਨੇ ਸੰਬੋਧਨ ਕਰਦਿਆ ਕਿਹਾ ਕਿ ਨਹਿਰੂ ਯੁਵਾ ਕੇਂਦਰ ਮਾਨਸਾ ਵਲੋਂ ਸਮੇਂ ਸਮੇਂ ਤੇ ਯੂਥ ਲਈ ਵਡਮੁੱਲੇ ਉਪਰਾਲੇ ਕੀਤੇ ਜਾਂਦੇ ਹਨ। ਯੁਵਾ ਉਤਸਵ ਨੌਜਵਾਨਾਂ ਅੰਦਰ ਹੁਨਰ ਵਿਕਸਿਤ ਕਰਨ ਅਤੇ ਉਹਨਾਂ ਦੀ ਪ੍ਰਤੀਭਾ ਨਿਖਾਰਨ ਲਈ ਇੱਕ ਵੱਡਾ ਪਲੇਟਫਾਰਮ ਹੈ ਇਸ ਮੌਕੇ ਡਾ ਵਿਜੈ ਸਿੰਗਲਾ ਐਮ ਐਲ ਏ ਮਾਨਸਾ ਦੁਆਰਾ ਜੇਤੂ ਨੌਜਵਾਨਾਂ ਨੂੰ ਇਨਾਮ ਅਤੇ ਸਰਟੀਫਿਕੇਟ ਤਕਸੀਮ ਕਰਦੇ ਹੋਏ ਵਧਾਈ ਦਿੱਤੀ

ਡਾ ਪਰਮਿੰਦਰ ਕੁਮਾਰੀ ਪ੍ਰਿੰਸੀਪਲ, ਪ੍ਰਿੰਸ਼ੀਪਲ ਸਵੀਤਾ ਕਾਠ, ਨੇ ਦੱਸਿਆ ਕਿ ਪੇਟਿੰਗ ਮੁਕਾਬਲੇ ਵਿਚ ਪਹਿਲਾ ਸਥਾਨ ਰਾਜਵੀਰ ਕੌਰ , ਦੂਜਾ ਸਥਾਨ ਅਕਾਸਦੀਪ ਕੌਰ , ਤੇ ਤੀਜਾ ਸਥਾਨ ਜਸਪ੍ਰੀਤ ਕੌਰ ਨੇ ਹਾਸਿਲ ਕੀਤਾ। ਮੋਬਾਈਲ ਫੋਟੋਗ੍ਰਾਫੀ ਮੁਕਾਬਲੇ ਵਿਚ ਪਹਿਲਾ ਸਥਾਨ ਰਾਮਇੰਦਰ ਸਿੰਘ, ਦੂਜਾ ਸਥਾਨ ਅਮ੍ਰਿਤਪਾਲ ਸਿੰਘ ਅਤੇ ਤੀਜਾ ਸਥਾਨ ਸ਼ੁਖਵਿੰਦਰ ਸਿੰਘ ਨੇ ਹਾਸਿਲ ਕੀਤਾ। ਕਵਿਤਾ ਲੇਖਣ ਮੁਕਾਬਲੇ ਵਿਚ ਪਹਿਲਾ ਸਥਾਨ ਅਰਸਪ੍ਰੀਤ ਕੌਰ, ਦੂਜਾ ਸਥਾਨ ਜਿਗਰਜੀਤ ਕੌਰ,ਤੇ ਤੀਜਾ ਸਥਾਨ ਰਾਜਵੀਰ ਕੌਰ ਨੇ ਹਾਸਿਲ ਕੀਤਾ। ਭਾਸ਼ਣ ਮੁਕਾਬਲੇ ਵਿਚ ਪਹਿਲਾ ਸਥਾਨ ਹਸਤਕਮਲ, ਦੂਜਾ ਸਥਾਨ ਕਰਮਜੀਤ , ਤੇ ਤੀਜਾ ਸਥਾਨ ਗੁਰਲੀਨ ਸਿੰਘ ਨੇ ਹਾਸਿਲ ਕੀਤਾ।ਸਇੰਸ ਮੇਲਾ (ਸਿੰਗਲ) ਵਿਚ ਪਹਿਲਾ ਸਥਾਨ ਕਰਨਵੀਰ ਕੌਰ, ਦੂਜਾ ਸਥਾਨ ਪਰਭਜੋਤ ਬਾਵਾ, ਤੇ ਤੀਜਾ ਸਥਾਨ ਜਤਿਨ ਗੋਇਲ, ਸਇੰਸ ਮੇਲਾ (ਗੁੱਰਪ) ਵਿਚ ਪਹਿਲਾ ਸਥਾਨ ਟੀਮ ਬਿਜਲੀ ਉਤਪਾਦਨ ਦੂਜਾ ਸਥਾਨ ਟੀਮ ਸਪੇਸ ਸਟੇਸ਼ਨ, ਤੇ ਤੀਜਾ ਸਥਾਨ ਟੀਮ ਸੂਰਜੀ ਸਿਸਟਮ, ਸੱਭਿਆਚਾਰਕ ਮੁਕਾਬਲੇ ਵਿਚ ਪਹਿਲਾ ਸਥਾਨ ਟੀਮ ਮਾਈ ਭਾਗੋ ਡਿਗਰੀ ਆਫ ਕਾਲਜ ਰੱਲਾ , ਦੂਜਾ ਸਥਾਨ ਸਰਕਾਰੀ ਆਈ ਟੀ ਆਈ ਮਾਨਸਾ, ਹਾਸਿਲ ਕੀਤਾ। ਅਤੇ ਸਾਰੇ ਜੱਜਾਂ ਨੂੰ ਸਨਮਾਨਿਤ ਵੀ ਕੀਤਾ ਗਿਆ

# ਯੂਥ ਅਕਾਲੀ ਦਲ (ਬ) ਦੇ ਸੂਬਾ ਮੀਤ ਪ੍ਰਧਾਨ ਰਣਜੀਤ ਸਿੰਘ ਫਤਿਹ ਆਮ ਆਦਮੀ ਪਾਰਟੀ 'ਚ ਸ਼ਾਮਲ



ਫਗਵਾੜਾ 1 ਦਸੰਬਰ ( ਸੁਸ਼ੀਲ ਸ਼ਰਮਾ ) ਨਗਰ ਨਿਗਮ ਚੋਣਾਂ ਦੀਆਂ ਤਿਆਰੀਆਂ ਸਬੰਧੀ ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਸਮੂਹ ਸੀਨੀਅਰ ਪਾਰਟੀ ਆਗੂਆਂ ਦੀ ਮੀਟਿੰਗ ਸਥਾਨਕ ਰੈਸਟ ਹਾਉਸ ਫਗਵਾੜਾ ਵਿਖੇ ਹੋਈ। ਜਿਸ ਵਿਚ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਤੋਂ ਇਲਾਵਾ ਕਾਰਪੋਰੇਸ਼ਨ ਚੋਣਾਂ ਲਈ ਪਾਰਟੀ ਵਲੋਂ ਥਾਪੇ ਗਏ ਇੰਚਾਰਜ ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਮੀਟਿੰਗ ਉਪਰੰਤ ਸ਼੍ਰੋਮਣੀ ਅਕਾਲੀ ਦਲ (ਬ) ਨੂੰ ਝਟਕਾ ਦਿੰਦੇ ਹੋਏ ਜੋਗਿੰਦਰ ਮਾਨ ਅਤੇ ਡਾ. ਚੱਬੇਵਾਲ ਨੇ ਯੂਥ ਅਕਾਲੀ ਦਲ ਪੰਜਾਬ ਦੇ ਸਾਬਕਾ ਮੀਤ ਪ੍ਰਧਾਨ ਰਣਜੀਤ ਸਿੰਘ ਫਤਿਹ ਨੂੰ ਆਪ ਪਾਰਟੀ ਵਿਚ ਸ਼ਾਮਲ ਕਰਵਾਇਆ। ਜੋਗਿੰਦਰ ਸਿੰਘ ਮਾਨ ਨੇ ਕਿਹਾ ਕਿ ਰਣਜੀਤ ਸਿੰਘ ਫਤਿਹ ਵਰਗੇ ਜੁਝਾਰੂ ਨੌਜਵਾਨਾਂ ਦੀ ਆਮਦ ਨਾਲ ਜਿੱਥੇ ਪਾਰਟੀ ਨੂੰ ਫਗਵਾੜਾ ਹਲਕੇ 'ਚ ਮਜਬੂਤੀ ਮਿਲੇਗੀ ਉੱਥੇ ਹੀ ਨਗਰ ਨਿਗਮ ਚੋਣਾਂ 'ਚ ਵੀ ਨੌਜਵਾਨਾਂ ਦਾ ਰੁਝਾਨ ਆਪ ਪਾਰਟੀ ਵੱਲ ਰਹੇਗਾ ਅਤੇ ਆਪ ਪਾਰਟੀ ਪ੍ਰਤੀ ਹਰੇਕ ਵਰਗ ਦੇ ਝੁਕਾਅ ਨੂੰ ਦੇਖਦੇ ਹੋਏ ਫਗਵਾੜਾ ਕਾਰਪੋਰੇਸ਼ਨ ਚੋਣਾਂ 'ਚ ਪਾਰਟੀ ਦੀ ਜਿੱਤ ਯਕੀਨੀ ਹੋ ਚੁੱਕੀ ਹੈ। ਇਸ ਤੋਂ ਪਹਿਲਾਂ ਮੀਟਿੰਗ 'ਚ ਹਾਜਰ ਸੀਨੀਅਰ ਪਾਰਟੀ ਅਹੁਦੇਦਾਰਾਂ ਨੂੰ ਸੰਬੋਧਨ ਕਰਦਿਆਂ ਡਾ. ਰਾਜਕੁਮਾਰ ਚੱਬੇਵਾਲ ਨੇ ਕਾਰਪੋਰੇਸ਼ਨ ਚੋਣਾਂ ਪੂਰੀ ਇੱਕਜੁਟਤਾ ਦੇ ਨਾਲ ਲੜਨ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਪੰਜਾਬ ਦੇ ਸੁਨਹਿਰੇ ਭਵਿੱਖ ਅਤੇ ਸ਼ਹਿਰੀ ਵਿਕਾਸ ਲਈ ਇਹ ਕਾਰਪੋਰੇਸ਼ਨ ਚੋਣਾਂ ਬਹੁਤ ਅਹਿਮ ਹਨ। ਕਿਉਂਕਿ ਸ਼ਹਿਰੀ ਵਿਕਾਸ ਨੂੰ ਤਾਂ ਹੀ ਪੂਰੀ ਰਫਤਾਰ ਅਤੇ ਬਿਨਾ ਕਿਸੇ ਰੁਕਾਵਟ ਤੋਂ ਕਰਵਾਇਆ ਜਾ ਸਕੇਗਾ ਜੇਕਰ ਕਾਰਪੋਰੇਸ਼ਨਾਂ 'ਚ ਆਪ ਪਾਰਟੀ ਦਾ ਕਬਜਾ ਹੋਵੇਗਾ। ਇਸ ਮੌਕੇ ਜਿਲ੍ਹਾ ਯੋਜਨਾ ਬੋਰਡ ਚੇਅਰਮੈਨ ਲਲਿਤ ਸਕਲਾਨੀ, ਪੰਜਾਬ ਸਪੋਕਸ ਪਰਸਨ ਹਰਨੂਰ ਸਿੰਘ ਮਾਨ, ਸੀਨੀਅਰ ਆਗੂ ਹਰਮੇਸ਼ ਪਾਠਕ, ਦਲਜੀਤ ਰਾਜੂ ਦਰਵੇਸ਼ ਪਿੰਡ, ਐਡਵੋਕੇਟ ਕਸ਼ਮੀਰ ਸਿੰਘ ਮੱਲੀ ਚੇਅਰਮੈਨ ਇਮਪਰੂਵਮੈਂਟ ਟਰੱਸਟ ਫਗਵਾੜਾ, ਗੁਰਦੀਪ ਸਿੰਘ ਦੀਪਾ, ਜਸਪਾਲ ਸਿੰਘ, ਜਿਲ੍ਹਾ ਸਕੱਤਰ ਅਸ਼ੋਕ ਭਾਟੀਆ, ਡਾ. ਜਤਿੰਦਰ ਸਿੰਘ ਪਰਹਾਰ ਜਿਲ੍ਹਾ ਸਕੱਤਰ (ਡਾਕਟਰ ਸੈਲ), ਸੰਤੋਸ਼ ਕੁਮਾਰ ਗੋਗੀ ਪ੍ਰਧਾਨ ਐਸ.ਸੀ. ਵਿੰਗ ਜਿਲ੍ਹਾ ਕਪੂਰਥਲਾ, ਅਮਨਿੰਦਰ ਸਿੰਘ, ਜਤਿੰਦਰ ਸਿੰਘ ਆਦਿ ਹਾਜਰ ਸਨ।

# ਪ੍ਰਵਾਸੀ ਭਾਰਤੀ ਬੀਬੀ ਸਰਬਜੀਤ ਕੌਰ ਦੇ ਸਹਿਯੋਗ ਸਦਕਾ ਸਕੂਲੀ ਵਿਦਿਆਰਥੀਆਂ ਨੂੰ ਵੰਡੇ ਬੂਟ



ਫਗਵਾੜਾ 1 ਦਸੰਬਰ ( ਸੁਸ਼ੀਲ ਸ਼ਰਮਾ ) ਪ੍ਰਵਾਸੀ ਭਾਰਤੀ ਬੀਬੀ ਸਰਬਜੀਤ ਕੌਰ ਪਤਨੀ ਗੋਰਖਨਾਥ ਯੂ.ਐਸ.ਏ. ਦੇ ਸਹਿਯੋਗ ਸਦਕਾ ਸਰਕਾਰੀ ਪ੍ਰਾਇਮਰੀ ਸਕੂਲ ਲੱਖਪੁਰ ਵਿਖੇ ਪ੍ਰੀ-ਪ੍ਰਾਇਮਰੀ ਤੋਂ ਪੰਜਵੀ ਜਮਾਤ ਦੇ ਕਰੀਬ 60 ਬੱਚਿਆਂ ਨੂੰ ਸਰਦੀ ਤੋਂ ਬਚਾਅ ਲਈ ਬੂਟਾਂ ਦੀ ਵੰਡ ਕੀਤੀ ਗਈ। ਇਸ ਤੋਂ ਇਲਾਵਾ ਮਿਡ ਡੇ ਮੀਲ ਵਰਕਰਾਂ ਅਤੇ ਆਂਗਨਬਾੜੀ ਹੈਲਪਰਾਂ ਨੂੰ ਵੀ ਗਰਮ ਸ਼ਾਲ ਭੇਂਟ ਕੀਤੇ ਗਏ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਰਿਟਾਇਰਡ ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ, ਪ੍ਰਵਾਸੀ ਭਾਰਤੀ ਪਿਆਰਾ ਸਿੰਘ ਢੱਡਵਾਲ ਅਤੇ ਸਰਪੰਚ ਗੁਰਮੀਤ ਸਿੰਘ ਲੱਖਪੁਰ ਨੇ ਪ੍ਰਵਾਸੀ ਭਾਰਤੀ ਸਰਬਜੀਤ ਕੌਰ ਅਤੇ ਪਰਿਵਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਆਰਥਕ ਪੱਖੋਂ ਗਰੀਬ ਪਰਿਵਾਰਾਂ ਦੇ ਵਿਦਿਆਰਥੀਆਂ ਅਤੇ ਸਟਾਫ ਲਈ ਅਜਿਹੀ ਸੇਵਾ ਬਹੁਤ ਹੀ ਲਾਹੇਵੰਦ ਬਣਦੀ ਹੈ। ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਦੱਸਿਆ ਕਿ ਇਸ ਪਰਿਵਾਰ ਦਾ ਪਹਿਲਾਂ ਵੀ ਪਿੰਡ ਅਤੇ ਸਕੂਲਾਂ ਦੇ ਵਿਕਾਰ ਵਿਚ ਵਢਮੁੱਲਾ ਯੋਗਦਾਨ ਪ੍ਰਾਪਤ ਹੁੰਦਾ ਰਿਹਾ ਹੈ। ਸਕੂਲ ਇੰਚਾਰਜ ਸਰਬਜੀਤ ਕੁਮਾਰ ਨੇ ਦੱਸਿਆ ਕਿ ਸਕੂਲ ਦੀ ਨਵੀਂ ਇਮਾਰਤ ਵਿਚ ਪ੍ਰਵਾਸੀ ਭਾਰਤੀਆਂ ਅਤੇ ਦਾਨੀ ਸੱਜਣਾਂ ਦਾ ਵਢਮੁੱਲਾ ਯੋਗਦਾਨ ਹੈ। ਜਿਸ ਕਰਕੇ ਸਕੂਲ ਦੀ ਦਿੱਖ ਬਹੁਤ ਹੀ ਖ਼ੂਬਸੂਰਤ ਬਣ ਚੁੱਕੀ ਹੈ। ਉਹਨਾਂ ਨੇ ਪ੍ਰਵਾਸੀ ਭਾਰਤੀ ਪਰਿਵਾਰ ਅਤੇ ਸਮੂਹ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਮਾਸਟਰ ਅਕਬਰ ਖਾਨ, ਮੈਡਮ ਪਰਵੀਨ ਬੰਗੜ, ਪੰਚਾਇਤ ਮੈਂਬਰ ਦਵਿੰਦਰ ਸਿੰਘ ਤੋਂ ਇਲਾਵਾ ਕੁਲਵਿੰਦਰ ਕੌਰ, ਮੀਨੂੰ ਲੱਖਪੁਰ ਆਂਗਨਬਾੜੀ ਵਰਕਰ, ਬਲਜੀਤ ਕੌਰ ਹੈਲਪਰ, ਮਨਜੀਤ ਕੌਰ, ਰਣਜੀਤ ਕੌਰ, ਜਸਵਿੰਦਰ ਕੌਰ, ਪਰਮਜੀਤ ਕੌਰ, ਹਰਮਨ ਕੌਰ, ਅਮਰਦੀਪ ਸਿੰਘ, ਅਰਮਾਨ ਮਹਿਮੀ, ਮੁਹੰਮਦ ਹੁਸੈਨ, ਗੁਰਵੀਰ ਸਿੰਘ, ਮਨਕੀਰਤ ਆਦਿ ਹਾਜਰ ਸਨ।

# ਰੁਰਲ ਹਾਕੀ ਡਿਵੈਲਪਮੈਂਟ ਸੋਸਾਇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕੈਪੀਟਲ ਸਮਾਲ ਫਾਈਨੈਂਸ ਬੈਂਕ 10 ਵੀਂ ਪੇਂਡੂ ਹਾਕੀ ਲੀਗ ਸ਼ਾਨੋ ਸ਼ੌਕਤ ਨਾਲ ਕਰਵਾਈ ਗਈ



ਫਗਵਾੜਾ ( ਸੁਸ਼ੀਲ ਸ਼ਰਮਾ )ਜ਼ਿਲ੍ਹਾ ਜਲੰਧਰ ਦੇ ਵੱਖ-ਵੱਖ ਪਿੰਡਾਂ ਵਿੱਚ ਪੇਂਡੂ ਇਲਾਕਿਆਂ ਦੇ ਬੱਚਿਆਂ ਦੇ ਹਾਕੀ ਮੁਕਾਬਲੇ ਕਰਾਉਣ ਉਪਰੰਤ ਸਰਦਾਰ ਉਜਾਗਰ ਸਿੰਘ ਸਮਰਾ ਸਟੇਡੀਅਮ ਦੀ ਹਾਕੀ ਗਰਾਉਂਡ ਵਿੱਚ ਇਸ ਲੀਗ ਦੇ ਫਾਈਨਲ ਮੁਕਾਬਲੇ ਕਰਵਾਏ ਗਏ ਗਏ ਕੈਪੀਟਲ ਬੈਂਕ ਦੇ ਵਿਸ਼ੇਸ਼ ਸਹਿਯੋਗ ਅਤੇ ਇਲਾਕੇ ਦੇ ਵੱਖ-ਵੱਖ ਅਦਾਰਿਆਂ ਦੀ ਮਾਲੀ ਮਦਦ ਨਾਲ ਕਰਵਾਈ ਜਾਂਦੀ ਇਸ ਲੀਗ ਦੀ ਆਰੰਭਤਾ ਪਿੰਡ ਚਾਨੀਆਂ ਤੋਂ ਕੀਤੀ ਗਈ ਅੱਜ ਫਾਈਨਲ ਮੁਕਾਬਲਿਆਂ ਦੀ ਆਰੰਭਤਾ ਓਲੰਪੀਅਨ ਗੁਣਦੀਪ ਕੁਮਾਰ ਵੱਲੋਂ ਖੇਡ ਮੈਦਾਨ ਵਿੱਚ ਸੁਸਾਇਟੀ ਦਾ ਝੰਡਾ ਲਹਿਰਾਉਣ ਨਾਲ ਕਰਵਾਈ ਗਈ। ਮਰਹੂਮ ਓਲੰਪੀਅਨ ਸਰਦਾਰ ਵਰਿੰਦਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਕਰਵਾਈ ਗਈ ਇਸ ਹਾਕੀ ਲੀਗ ਮੌਕੇ ਉਹਨਾਂ ਦੇ ਸਪੁੱਤਰ ਸਰਦਾਰ ਗੁਰਪ੍ਰੀਤ ਸਿੰਘ ਉੱਘੇ ਹਾਕੀ ਖਿਡਾਰੀ ਨੂੰ ਵਰਿੰਦਰ ਸਿੰਘ ਯਾਦਗਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਫਾਈਨਲ ਹਾਕੀ ਮੁਕਾਬਲਿਆਂ ਦੌਰਾਨ ਉਮਰ ਵਰਗ 14 ਸਾਲ ਵਿੱਚ ਲਸਾੜਾ ਦੀ ਟੀਮ ਵੱਲੋਂ ਔੜ ਨੂੰ ਹਰਾਇਆ ਗਿਆ ਉਮਰ 17 ਸਾਲ ਵਿੱਚ ਪਿੰਡ ਸਰੀਂਹ ਨੇ ਲਸਾੜਾ ਟੀਮ ਨੂੰ ਹਰਾਇਆ ਇਸ ਮੌਕੇ ਤੇ ਲੜਕੀਆਂ ਦੇ ਮੁਕਾਬਲੇ ਵੀ ਕਰਵਾਏ ਗਏ ਹਾਕੀ ਲੀਗ ਦੌਰਾਨ 45 ਸਾਲਾਂ ਤੋਂ ਉੱਪਰ ਅਤੇ ਚੜ੍ਹਦੀ ਉਮਰ ਦੇ ਨੌਜਵਾਨਾਂ ਦੇ ਰੋਚਕ ਮੁਕਾਬਲੇ ਵਿੱਚ ਧੀਣਾ ਅਤੇ ਧਨੋਵਾਲੀਆਂ ਦੀ ਦੀਆਂ ਟੀਮਾਂ ਨੇ ਹਾਕੀ ਦੇ ਜੌਹਰ ਦਿਖਾਏ ਇਨਾਮਾਂ ਦੀ ਵੰਡ ਸੰਤ ਸੁਰਜੀਤ ਸਿੰਘ ਜੀ ਸੀਚੇਵਾਲ ਅਤੇ ਪ੍ਰਬੰਧਕਾਂ ਵੱਲੋਂ ਜੇਤੂ ਖਿਡਾਰੀਆਂ ਨੂੰ ਸ਼ਾਨਦਾਰ ਟਰਾਫੀਆਂ ਮੈਡਲਾਂ ਅਤੇ ਖੇਡ ਕਿੱਟਾਂ ਦੇ ਕੇ ਸਨਮਾਨਿਤ ਕੀਤਾ ਗਿਆ ਪ੍ਰਬੰਧਕਾਂ ਵੱਲੋਂ ਇਸ ਮੌਕੇ ਹਾਜ਼ਰ ਇਲਾਕੇ ਦੇ ਪਿੰਡਾਂ ਦੇ ਪੰਚਾਇਤ ਮੈਂਬਰਾਂ ਸਰਪੰਚਾਂ ਅਤੇ ਮੋਹਤਵਾਰ ਵਿਅਕਤੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਰੁਰਲ ਹਾਕੀ ਡਿਵੈਲਪਮੈਂਟ ਸੋਸਾਇਟੀ ਦੇ ਪ੍ਰਧਾਨ ਹਰ ਭੁਪਿੰਦਰਜੀਤ ਸਿੰਘ ਸਮਰਾ , ਉਪ ਪ੍ਰਧਾਨ ਭੁਪਿੰਦਰ ਸਿੰਘ ਖਾਲਸਾ, ਸਕੱਤਰ ਹਰਮੇਸ਼ ਲਾਲ ਸਟੇਟ ਐਵਾਰਡੀ, ਪ੍ਰੀਤ ਗਗਨ ਸਿੰਘ ਚਾਨੀਆ ,ਸੂਬੇਦਾ ਸੰਤੋਖ ਸਿੰਘ ,ਰਮੇਸ਼ ਗੁਪਤਾ, ਨਰਿੰਦਰ ਸਿੰਘ ਇੰਸਪੈਕਟਰ ਬੀ.ਐਸ.ਐਫ,ਸਚਿਨ ਕੁਮਾਰ ,ਗੋਪੀ ਟਾਂਡਾ, ਹਾਕੀ ਕੋਚ ਲਖਬੀਰ ਲੱਕੀ, ਅਮਿਤ ਸ਼ਰਮਾ, ਮੋਹਿਤ ਸ਼ਰਮਾ ਮਨਜਿੰਦਰ ਸਿੰਘ , ਪ੍ਰਭਪ੍ਰੀਤ ਕੌਰ ਸਮਰਾ ਸਮੇਤ ਸਮੂਹ ਮੈਂਬਰਾਂ ਵੱਲੋਂ ਲੀਗ ਨੂੰ ਸਫਲ ਬਣਾਉਣ ਵਿੱਚ ਤਨਦੇਹੀ ਨਾਲ ਸੇਵਾ ਨਿਭਾਈ ਗਈ ਇਸ ਮੌਕੇ ਤੇ ਕਮਲਜੀਤ ਸਿੰਘ ਸਹੋਤਾ ਸਰਪੰਚ ਜੰਡਿਆਲਾ ਗੁਰਵਿੰਦਰ ਸਿੰਘ ਸਮਰਾ ਸਰਪੰਚ ਸਮਰਾਏ, ਬਲਕਾਰ ਸਿੰਘ ਕੁਨਰ ਸਰਪੰਚ ਧਨੀ ਪਿੰਡ ,ਮਨਦੀਪ ਸਿੰਘ ਸਮਰਾ ਸਾਬਕਾ ਸਰਪੰਚ ਸਮਰਾਏ, ਰਾਧੇ ਸ਼ਾਮ ਸਾਬਕਾ ਸਰਪੰਚ ਲੱਖਣਪਾਲ, ਜਸਵਿੰਦਰ ਸਿੰਘ ਪੰਚ, ਮੱਖਣ ਸਿੰਘ ਜੌਹਲ ਪੰਚ, ਕਮਲਜੀਤ ਕੌਰ ਪੰਚ, ਤਰਨ ਮਹਿਮੀ ਪੰਚ, ਬੋਧਰਾਜ ਇੰਸਪੈਕਟਰ ਮਾਰਕਫੈਡ , ਰਾਮਪਾਲ ਆੜਤੀਆ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ , ਤਨੀ ਸ਼ੇਰ ਗਿੱਲ, ਲੈਕਚਰਾਰ ਜਸਪਾਲ ਸਿੰਘ ਆਦਿ ਸਮੇਤ ਵੱਖ-ਵੱਖ ਪਿੰਡਾਂ ਦੇ ਖੇਡ ਪ੍ਰੇਮੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ
www.lokbani

# ਕੋਈ ਵੀ ਬੱਚਾ ਰੁਟੀਨ ਟੀਕਾਕਰਨ ਤੋਂ ਨਾ ਰਹੇ ਵਾਂਝਾ: ਮੋਨੀਕਾ



ਫਗਵਾੜਾ (ਸੁਸ਼ੀਲ ਸ਼ਰਮਾ )ਸਿਵਲ ਸਰਜਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਹਸਪਤਾਲ ਫਗਵਾੜਾ ਦੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ ਰਾਜੇਸ਼ ਚੰਦਰ ਦੀ ਯੋਗ ਰਹਿਨੁਮਾਈ ਹੇਠ ਆਂਗਨਵਾੜੀ ਸੈਂਟਰ ਨੰਬਰ 1 ਭਗਤਪੁਰਾ/ਪ੍ਰੀਤ ਨਗਰ ਵਿਖੇ ਸੈਂਟਰ ਹੈਡ ਆਰਤੀ ਦੀ ਸੁਚੱਜੀ ਦੇਖਰੇਖ ਹੇਠ ਮਮਤਾ ਦਿਵਸ ਸੰਬੰਧੀ ਛੋਟੇ ਬੱਚਿਆਂ ਦੇ ਵੈਕਸੀਨੈਸ਼ਨ ਲਗਾਈ ਗਈ ਇਸ ਮੌਕੇ ਸਿਵਲ ਹਸਪਤਾਲ ਵੈਕਸੀਨੈਸ਼ਨ ਵਿਭਾਗ ਤੋਂ ਮੈਡਮ ਮੋਨਿਕਾ ਨੇ ਕਿਹਾ ਕਿ ਬੱਚਿਆਂ ਦਾ ਸੰਪੂਰਨ ਟੀਕਾਕਰਨ ਬਹੁਤ ਜ਼ਰੂਰੀ ਹੈ ਉਨ੍ਹਾਂ ਲੋਕਾਂ ਨੂੰ ਅਪੀਲ - ਕੀਤੀ ਕਿ ਜੇਕਰ ਉਨ੍ਹਾਂ ਦੇ ਬੱਚਿਆਂ ਜਾਂ ਗਰਭਵਤੀ ਔਰਤਾਂ ਦਾ ਕੋਈ ਵੀ ਟੀਕਾ ਲੱਗਣ ਤੋਂ ਰਹਿ ਗਿਆ ਹੈ, ਤਾਂ ਵਿਸਵ ਟੀਕਾਕਰਨ ਸਪਤਾਹ ਦੌਰਾਨ ਨੇੜੇ ਦੀ ਸਿਹਤ ਸੰਸਥਾ ਵਿਖੇ ਜਾ ਕੇ ਟੀਕਾਕਰਨ ਜ਼ੂਰਰ ਕਰਵਾਉਣ ਇਸੇ ਲੜੀ ਤਹਿਤ ਅੱਜ ਇਲਾਕਾ ਭਗਤਪੁਰਾ/ ਪ੍ਰੀਤਨਗਰ ਆਂਗਨਵਾੜੀ ਸੈਂਟਰ ਨੰਬਰ 1 ਵਿਖੇ ਸਿਵਲ ਹਸਪਤਾਲ ਫਗਵਾੜਾ ਦੇ ਵੈਕਸੀਨੈਸਨ ਵਿਭਾਗ ਤੋਂ ਏ ਐਨ ਐਮ ਮੈਡਮ ਮੋਨੀਕਾ ਵਲੋਂ ਅਪਣੀ ਟੀਮ ਆਸ਼ਾ ਵਰਕਰ ਆਸ਼ਾ ਸ਼ਰਮਾ, ਚੰਦਨ, ਵਲੋਂ ਬੀ ਸੀ ਜੀ, ਡੀ ਪੀ ਟੀ, ਪੋਲੀਓ, ਪੈਨਟਾ, ਟੈਟਨਸ, ਡੀ ਪੀ ਟੀ ਬੂਸਟਰ, ਰੋਟਾ ਵਾਇਰਸ , ਪੀ ਐਲ ਬੀ/ ਆਈ ਪੀ ਬੀ ਆਦਿ ਵੈਕਸੀਨ ਬੱਚਿਆਂ , ਦੇ ਲਗਾਉਣ ਤੋਂ ਇਲਾਵਾ ਗਰਭਵਤੀ ਔਰਤਾਂ ਦਾ ਟੀਕਾਕਰਨ ਵੀ ਕੀਤਾ ਗਿਆ ਇਸ ਮੌਕੇ ਆਂਗਨਵਾੜੀ ਸੈਂਟਰ ਨੰਬਰ 1 ਇੰਚਾਰਜ ਮੈਡਮ ਆਰਤੀ ਹੈਲਪਰ ਰਮਾ ਰਾਣੀ, ਆਦਿ ਮੌਜੂਦ ਸਨ

# ਲਾਇਨ ਗੁਰਦੀਪ ਸਿੰਘ ਕੰਗ ਦੀ ਅਗਵਾਈ ਹੇਠ ਫਗਵਾੜਾ 'ਚ ਕਰਵਾਇਆ 81ਵਾਂ ਮਾਸਿਕ ਰਾਸ਼ਨ ਵੰਡ ਸਮਾਗਮ

ਫਗਵਾੜਾ 1 ਦਸੰਬਰ ( ਸੁਸ਼ੀਲ ਸ਼ਰਮਾ ) ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਵਲੋਂ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਹਿਯੋਗ ਨਾਲ 81ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਸਵਰਨਕਾਰ ਸੰਘ ਫਗਵਾੜਾ ਦੇ ਪ੍ਰਧਾਨ ਅਤੇ ਸਮਾਜ ਸੇਵਕ ਜਗਜੀਤ ਸਿੰਘ ਜੌੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਲਾਇਨ ਕੁਲਵਿੰਦਰ ਸਿੱਧੂ ਕਨਵੈਨਸ਼ਨ ਚੇਅਰਮੈਨ, ਰੀਜ਼ਨ ਚੇਅਰਮੈਨ ਲਾਇਨ ਚਮਨ ਲਾਲ, ਲਾਇਨਜ਼ ਕਲੱਬ ਫਗਵਾੜਾ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਐਮ.ਜੇ.ਐਫ. ਸਮਾਜ ਸੇਵਕ ਐਸ.ਪੀ. ਬਸਰਾ, ਅਧਿਆਪਕ ਆਗੂ ਵਰਿੰਦਰ ਸਿੰਘ ਕੰਬੋਜ, ਸਾਬਕਾ ਮਹਿਲਾ ਕੌਂਸਲਰ ਪਰਮਜੀਤ ਕੌਰ ਅਤੇ ਪੱਤਰਕਾਰ ਜਗਜੀਤ ਸਿੰਘ ਚਾਨਾ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ। ਮੁੱਖ ਮਹਿਮਾਨ ਜਗਜੀਤ ਸਿੰਘ ਜੌੜਾ ਨੇ 25 ਲੋੜਵੰਦ ਔਰਤਾਂ ਨੂੰ ਇਕ ਮਹੀਨੇ ਦਾ ਰਾਸ਼ਨ ਵੰਡਦਿਆਂ ਲਾਇਨ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਲਾਇਨ ਗੁਰਦੀਪ ਸਿੰਘ ਕੰਗ ਅਤੇ ਉਨ੍ਹਾਂ ਦਾ ਪਰਿਵਾਰ



ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਹੈ। ਉਹ ਨਿੱਜੀ ਤੌਰ 'ਤੇ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਜੁੜ ਕੇ ਸਮਾਜ ਸੇਵਾ ਵਿਚ ਲਗਾਤਾਰ ਸਰਗਰਮ ਹਨ। ਹੋਰ ਬੁਲਾਰਿਆਂ ਨੇ ਵੀ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਵੱਲੋਂ ਸਮਾਜ ਸੇਵਾ ਵਿੱਚ ਪਾਏ ਯੋਗਦਾਨ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਆਰਥਿਕ ਤੰਗੀ ਦੇ ਸ਼ਿਕਾਰ, ਬਿਮਾਰਾਂ ਅਤੇ ਬਜ਼ੁਰਗਾਂ ਦੀ ਸੇਵਾ ਕਰਨਾ ਸਮਾਜ ਦੇ ਸਾਰੇ ਯੋਗ ਵਿਅਕਤੀਆਂ ਦਾ ਫਰਜ਼ ਹੈ। ਹਰੇਕ ਵਿਅਕਤੀ ਨੂੰ ਹਰ ਮਹੀਨੇ ਆਪਣੀ ਨੇਕ ਕਮਾਈ ਵਿੱਚੋਂ ਕੁਝ ਪੈਸਾ ਲੋੜਵੰਦਾਂ ਦੀ ਮੱਦਦ ਲਈ ਜ਼ਰੂਰ ਖਰਚ ਕਰਨਾ ਚਾਹੀਦਾ ਹੈ। ਲਾਇਨ ਗੁਰਦੀਪ ਸਿੰਘ ਕੰਗ ਨੇ ਸਾਰਿਆਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਬਾਲਕ ਨਾਥ ਜੀ ਦੀ ਕਿਰਪਾ ਨਾਲ ਇਹ ਉਪਰਾਲਾ ਜਾਰੀ ਰਹੇਗਾ। ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਲਾਇਨ ਸੁਸ਼ੀਲ ਸ਼ਰਮਾ ਵਲੋਂ ਨਿਭਾਈ ਗਈ। ਇਸ ਮੌਕੇ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪੀ.ਆਰ.ਓ. ਸਤਵਿੰਦਰ ਸਿੰਘ ਭਮਰਾ, ਲਾਇਨ ਮਨੋਜ ਕੁਮਾਰ, ਲਾਇਨ ਰਣਧੀਰ ਕਰਵਲ, ਜਲ ਸੇਵਾ ਸੰਮਤੀ ਦੇ ਪ੍ਰਧਾਨ ਵਿਪਨ ਖੁਰਾਣਾ, ਪਵਨ ਕਲੂਚਾ, ਮਨੀਸ਼ ਕਨੌਜੀਆ, ਕਮਲ ਤੋਂ ਇਲਾਵਾ ਸ਼ਿਵ ਸ਼ਕਤੀ ਮਾਤਾ ਮੰਦਰ ਦੇ ਪ੍ਰਧਾਨ ਚੰਚਲ ਸੇਠ, ਲਾਇਨ ਵਰੁਣ ਵਧਵਾ, ਲਾਇਨ ਹਰਮੇਸ਼ ਕੁਮਾਰ ਕੁਲਥਮ, ਵਿਨੈ ਕੁਮਾਰ ਬਿੱਟੂ, ਲਾਇਨ ਅਖਿਲ ਵਰਮਾ, ਲਾਇਨ ਵਿੱਕੀ ਚੁੰਬਰ, ਲਾਇਨ ਵਰਿੰਦਰ ਸ਼ਰਮਾ, ਲਾਇਨ ਵਿਪਨ ਸ਼ਰਮਾ, ਕਮਲਜੀਤ, ਅਮਰਜੀਤ ਸਿੰਘ ਬਘਾਣਾ, ਅਨੂਪ ਦੁੱਗਲ ਆਦਿ ਹਾਜ਼ਰ ਸਨ।

# ਅਜਨੋਹਾ ਵਿਖੇ ਮੈਚਾਂ ਦਾ ਆਨੰਦ ਲੈਣ ਆਪਣੇ ਪਿਤਾ ਨਾਲ ਪਹੁੰਚਿਆ ਬਾਲ ਕ੍ਰਿਕਟ ਖਿਡਾਰੀ ਸਹਿਜ ਸੰਧੂ



ਫਗਵਾੜਾ, 1 ਦਸੰਬਰ (ਸੁਸ਼ੀਲ ਸ਼ਰਮਾ)- ਬੀਤੇ ਕਈ ਦਿਨਾਂ ਤੋਂ ਅਜਨੋਹਾ ਵਿਖੇ ਚੱਲ ਰਹੇ ਫੁੱਟਬਾਲ ਟੂਰਨਾਮੈਂਟ ਦੌਰਾਨ ਮੈਚਾਂ ਦਾ ਆਨੰਦ ਮਾਨਣ ਲਈ ਵਿਸ਼ੇਸ਼ ਤੌਰ ਤੇ ਬਾਲ ਕ੍ਰਿਕਟ ਖਿਡਾਰੀ ਸਹਿਜਨੂਰ ਸਿੰਘ ਸੰਧੂ ਆਪਣੇ ਪਿਤਾ ਪੱਤਰਕਾਰ ਮਨਦੀਪ ਸਿੰਘ ਸੰਧੂ ਨਾਲ ਪਹੁੰਚਿਆ। ਇਸ ਮੌਕੇ ਉਨ੍ਹਾਂ ਨੇ ਪਿੰਡ ਪੱਧਰ ਅਤੇ ਕਲੱਬ ਪੱਧਰ ਮੈਚਾਂ ਦੇ ਫਾਈਨਲ ਮੁਕਾਬਲਿਆਂ ਦਾ ਬਖੂਬੀ ਆਨੰਦ ਮਾਣਿਆ ਅਤੇ ਅਜਨੋਹਾ ਕਲੱਬ ਵਲੋਂ ਕੀਤੇ ਗਏ ਹਰੇਕ ਗੋਲ ਤੇ 500-500 ਰੁਪਏ ਵੀ ਭੇਂਟ ਕੀਤੇ। ਇਸ ਮੌਕੇ ਉਨ੍ਹਾਂ ਦੇ ਨਾਲ ਕਵਰੇਜ ਕਰਨ ਲਈ ਜੱਸਾ ਅਟਵਾਲ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਿਹਾ। ਇਸ ਤੋਂ ਪਹਿਲਾਂ ਉਨ੍ਹਾਂ ਨੇ ਖਲਵਾੜਾ ਵਿਖੇ ਇੱਕ ਨਿੱਜੀ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਵੀ ਕੀਤੀ। ਜ਼ਿਕਰਯੋਗ ਹੈ ਕਿ ਸਾਬਕਾ ਸਰਪੰਚ ਲਖਵੀਰ ਸਿੰਘ ਬੀੜ ਪੁਆਦ ਦਾ ਪੋਤਰਾ ਸਹਿਜ ਸੰਧੂ ਫਗਵਾੜਾ ਦੀ ਮਸ਼ਹੂਰ ਕ੍ਰਿਕਟ ਅਕੈਡਮੀ ਤੋਂ ਦੋ ਸਾਲਾਂ ਤੋਂ ਸਿਖਲਾਈ ਲੈ ਰਿਹਾ ਹੈ ਅਤੇ ਵਿਕਟ ਕੀਪਰ ਬਣਨਾ ਚਾਹੁੰਦਾ ਹੈ।

# ਕਾਨਪੁਰ ਚ ਉਪ ਰਾਸ਼ਟਰਪਤੀ ਨੇ ਕਿਹਾ- ਜ਼ਿੰਦਗੀ ਸਿਰਫ ਸਿੱਖਿਆ ਨਾਲ ਬਿਹਤਰ ਬਣਦੀ ਹੈ ਜੋ ਤੁਹਾਨੂੰ ਸਹੀ ਰਸਤੇ ਤੇ ਲੈ ਜਾਂਦੀ ਹੈ।

ਕਾਨਪੁਰ:(ਸੁਨੀਲ ਬਾਜਪਾਈ) ਇੱਥੇ ਐਤਵਾਰ ਨੂੰ ਉਪ ਪ੍ਰਧਾਨ ਜਗਦੀਪ ਧਨਖੜ ਨੇ ਕਿਹਾ ਕਿ ਸਿੱਖਿਆ ਜ਼ਿੰਦਗੀ ਨੂੰ ਬਿਹਤਰ ਬਣਾਉਂਦੀ ਹੈ, ਅਤੇ ਇਹ ਤੁਹਾਨੂੰ ਸਹੀ ਰਸਤੇ ਤੇ ਲੈ ਜਾਂਦੀ ਹੈ। ਮੀਤ ਪ੍ਰਧਾਨ ਧਨਖੜ ਇੱਥੇ ਸੇਠ ਆਨੰਦ ਰਾਮ ਜੈਪੁਰੀਆ ਸਕੂਲ ਦੇ ਗੋਲਡਨ ਜੁਬਲੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਵਿਦਿਆਰਥੀਆਂ ਨੂੰ ਸੰਬੋਧਨ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਇਹ ਪ੍ਰਤਿਭਾ ਗਰੀਬ, ਪੇਂਡੂ ਖੇਤਰਾਂ ਵਿੱਚ ਵੀ ਹੈ। ਉੱਥੇ ਵੀ ਜੈਪੁਰੀਆ ਵਰਗੀ ਕੁਆਲਿਟੀ ਤੱਕ ਪਹੁੰਚਣ ਦੀ ਲੋੜ ਹੈ।

ਉਪ ਰਾਸ਼ਟਰਪਤੀ ਨੇ ਅਪੀਲ ਕਰਦੇ ਹੋਏ ਇਹ ਵੀ ਕਿਹਾ ਕਿ ਕਾਰਪੋਰੇਟ ਘਰਾਣਿਆਂ ਨੂੰ ਬਿਹਤਰ ਸਕੂਲ ਖੋਲ੍ਹ ਕੇ ਸਿੱਖਿਆ ਵਿੱਚ ਮਦਦ ਕਰਨੀ ਚਾਹੀਦੀ ਹੈ। 3♥♣ ਫੰਡਾਂ ਦੀ ਵਰਤੋਂ ਕਰੋ ਤਾਂ ਜੋ ਸਿੱਖਿਆ ਹਰ ਵਰਗ ਤੱਕ ਪਹੁੰਚ ਸਕੇ। ਪਹਿਲਾਂ ਮਾਪੇ ਸਿਰਫ਼ ਮਾਰਕਸ਼ੀਟ ਹੀ ਦੇਖਦੇ ਸਨ ਪਰ ਹੁਣ ਅਜਿਹਾ ਨਹੀਂ ਹੈ।

ਰਾਸ਼ਟਰੀ ਗੀਤ ਨਾਲ ਸ਼ੁਰੂ ਹੋਏ ਇਸ ਪ੍ਰੋਗਰਾਮ ਚ ਉਪ ਰਾਸ਼ਟਰਪਤੀ ਨੇ ਕਿਹਾ ਕਿ ਸਰਕਾਰ ਨੇ ਪਿਛਲੇ 10 ਸਾਲਾਂ ਚ ਕਈ ਅਜਿਹੇ ਫੈਸਲੇ ਲਏ




ਹਨ ਜੋ ਸਾਡੇ ਦੇਸ਼ ਲਈ ਕਾਫੀ ਬਿਹਤਰ ਹਨ। ਪਹਿਲਾਂ ਅਸੀਂ ਸੁਪਨੇ ਦੇਖਦੇ ਸੀ ਕਿ ਭਾਰਤ ਦਾ ਵਿਕਾਸ ਹੋਵੇਗਾ? ਪਰ ਇਹ ਹੁਣ ਸੁਪਨਾ ਨਹੀਂ ਰਿਹਾ, ਅਸੀਂ ਟੀਚੇ ਵੱਲ ਵਧ ਰਹੇ ਹਾਂ। ਹੁਣ ਸਿੱਖਿਆ ਸਿਰਫ਼ ਡਿਗਰੀ ਤੱਕ ਸੀਮਤ ਨਹੀਂ ਹੈ, ਸਗੋਂ ਸਰਵਪੱਖੀ ਵਿਕਾਸ ਲਈ ਹੈ।

ਉਪ ਪ੍ਰਧਾਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਡੀ ਉਮਰ ਦੇ ਨਾਲ-ਨਾਲ ਤੁਹਾਨੂੰ ਅਜਿਹਾ ਵਿਵਹਾਰ ਕਰਨਾ ਚਾਹੀਦਾ ਹੈ ਜਿਸ ਨਾਲ ਤੁਹਾਡਾ ਗਿਆਨ ਆਪਣੇ ਆਪ ਪ੍ਰਗਟ ਹੋ ਜਾਵੇ। ਆਪਣੇ ਮਾਪਿਆਂ ਪ੍ਰਤੀ ਸ਼ਰਧਾ ਦੀ ਭਾਵਨਾ ਰੱਖੋ, ਆਪਣੇ ਅਧਿਆਪਕਾਂ ਦੇ ਸਾਹਮਣੇ ਅਨੁਸ਼ਾਸਨ ਦੀ ਭਾਵਨਾ ਬਣਾਈ ਰੱਖੋ ਅਤੇ ਸੋਸ਼ਲ ਮੀਡੀਆ ਤੋਂ ਜਿੰਨਾ ਹੋ ਸਕੇ ਦੂਰ ਰਹੋ। ਮਨ ਵਿੱਚ ਉਤਸੁਕਤਾ ਰੱਖੋ, ਜੋ ਵੀ ਮਨ ਵਿੱਚ ਹੈ ਕਰੋ, ਸਫਲਤਾ ਜ਼ਰੂਰ ਮਿਲੇਗੀ। ਉਨ੍ਹਾਂ ਸਿਰਫ਼ ਇੰਨਾ ਕਿਹਾ ਕਿ ਪਹਿਲਾਂ ਸਿੱਖਿਆ ਦੇ ਖੇਤਰ ਵਿੱਚ ਮਾਪੇ ਸਿਰਫ਼ ਮਾਰਕ ਸ਼ੀਟ ਹੀ ਦੇਖਦੇ ਸਨ ਪਰ ਹੁਣ ਅਜਿਹਾ ਨਹੀਂ ਹੈ।

ਸ਼ਮ੍ਹਾਂ ਰੌਸ਼ਨ ਕਰਕੇ ਪ੍ਰੋਗਰਾਮ ਦਾ ਆਗਾਜ਼ ਕਰਦਿਆਂ ਮੀਤ ਪ੍ਰਧਾਨ ਨੇ ਕਿਹਾ ਕਿ ਸਮਾਜ ਵਿੱਚ ਫੈਲੀਆਂ ਵਿਕਾਰਾਂ ਨੂੰ ਸਿਰਫ਼ ਸਿੱਖਿਆ ਹੀ ਦੂਰ ਕਰ ਸਕਦੀ ਹੈ। ਇਸੇ ਲਈ ਹਰ ਵਿਅਕਤੀ ਨੂੰ ਸਿੱਖਿਆ ਦਾ ਅਧਿਕਾਰ ਦਿੱਤਾ ਗਿਆ ਹੈ। ਸਿੱਖਿਆ ਸਮੇਂ ਨੂੰ ਬਦਲਣ ਦੇ ਸਮਰੱਥ ਹੈ। ਉਨ੍ਹਾਂ ਕਿਹਾ ਕਿ ਅਸਫ਼ਲਤਾ ਹਾਰ ਨਹੀਂ ਸਾਡੀ ਪੂੰਜੀ ਹੈ। ਇਸ ਤੋਂ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ। ਅੱਜ ਦੇ ਬੱਚਿਆਂ ਨੂੰ ਨਵੀਨਤਾ ਵੱਲ ਵਧਣਾ ਚਾਹੀਦਾ ਹੈ।

# ਜਨਮਦਿਨ ਮੁਬਾਰਕ

ਤਨਪ੍ਰੀਤ ਕੌਰ
ਪੁਤਰੀ ਅੰਮ੍ਰਿਤਪਾਲ
ਸਿੰਘ ਮਾਤਾ ਪ੍ਰੀਤੀ



# ਦਰਸ਼ਨ ਗਿਰੀ ਹਿੰਦੂ ਤਖ਼ਤ ਦੇ ਜ਼ਿਲ੍ਹਾ ਕਪੂਰਥਲਾ ਪ੍ਰਧਾਨ ਨਿਯੁਕਤ

ਫਗਵਾੜਾ ( ਸੁਸ਼ੀਲ ਸ਼ਰਮਾ ) ਸ੍ਰੀ ਹਿੰਦੂ ਤਖ਼ਤ ਦੇ ਮੁੱਖੀ ਸ੍ਰੀ ਬ੍ਰਹਮਾਨੰਦ ਗਿਰੀ ਜੀ ਮਹਾਰਾਜ ਜੀ ਵਲੋਂ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਸ੍ਰੀ ਦਰਸ਼ਨ ਗਿਰੀ ਨੂੰ ਸ੍ਰੀ ਹਿੰਦੂ ਤਖ਼ਤ ਦਾ ਜ਼ਿਲ੍ਹਾ ਕਪੂਰਥਲਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ



ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਖ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸੰਬਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਫੋਰ ਐਸ ਮਾਡਰਨ ਹਾਈ ਸਕੂਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੂਰਬ ਮਨਾਇਆ



ਅੰਮ੍ਰਿਤਸਰ (ਲੋਕ ਬਾਣੀ- ਸੰਤ ਸਿੰਘ ਸੁੱਖਾ ਸਿੰਘ ਗਰੁੱਪ ਆਫ ਸਕੂਲ ਐਂਡ ਕਾਲਜਿਜ਼ ਦੀ ਅਗਵਾਈ ਦੇ ਵਿੱਚ ਗੁਰੂ ਨਗਰੀ ਵਿੱਚ ਵਿਦਿਅਕ ਸੇਵਾਵਾਂ ਨਿਭਾ ਰਹੇ ਸੰਤ ਸਿੰਘ ਸੁੱਖਾ ਸਿੰਘ ਮਾਡਰਨ ਹਾਈ ਸਕੂਲ, ਕਸ਼ਮੀਰ ਐਵਨਿਊ, ਮਾਤਾ ਕੌਲਾਂ ਜੀ ਮਾਰਗ ਵਿਖੇ ਸ਼ਰਧਾ ਪੂਰਵਕ ਧਾਰਮਿਕ ਪ੍ਰੋਗਰਾਮ ਕਰਵਾਇਆ ਗਿਆ। ਜਿਸ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵੇਂ ਸਾਲਾਂ ਪ੍ਰਕਾਸ਼ ਪੂਰਬ ਦੇ ਸਬੰਧ ਵਿੱਚ ਆਯੋਜਿਤ ਧਾਰਮਿਕ ਪ੍ਰੋਗਰਾਮ ਦੇ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਹਜ਼ੂਰੀ ਵਿੱਚ ਸ੍ਰੀ ਅਖੰਡ ਪਾਠ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸਕੂਲ ਦੇ ਵਿਦਿਆਰਥੀਆਂ ਦੇ ਕੀਰਤਨੀ ਜਥਿਆਂ ਵੱਲੋਂ ਰੂਹਾਨੀ ਕੀਰਤਨ ਗਾਇਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ।

ਸੰਸਥਾਵਾਂ ਦੇ ਡਾਇਰੈਕਟਰ ਜਗਦੀਸ਼ ਸਿੰਘ ਨੇ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਜੀਵਨ ਨਾਲ ਸੰਬੰਧਿਤ ਆਪਣੇ ਵਿਚਾਰ ਸਾਂਝੇ ਕਰਦਿਆਂ ਗੁਰੂ ਸਾਹਿਬਾਨ ਵੱਲੋਂ ਦੱਸੇ ਮਾਰਗ ਤੇ ਚੱਲਦਿਆਂ ਆਪਣਾ ਜੀਵਨ ਸਫਲ ਬਣਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਵੱਲੋਂ ਕੀਰਤਨੀ ਜੱਥਿਆ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਮਾਡਰਨ ਹਾਈ ਸਕੂਲ ਦੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਬੱਚਿਆਂ ਨੂੰ ਸ਼ੁਭ ਇੱਛਾਵਾਂ ਭੇਟ ਕੀਤੀਆਂ। ਇਸ ਮੌਕੇ ਤੇ ਮੈਡਮ ਡਾਇਰੈਕਟਰ ਸਵਰਨ ਕੌਰ,ਐਡਮਿਨ ਅਧਿਕਾਰੀ,ਜਗਜੀਤ ਸਿੰਘ ਜੱਗੀ, ਮੈਡਮ ਪਰਮਜੀਤ ਕੌਰ,ਡਾਕਟਰ ਨਵਦੀਪ ਕੌਰ, ਡਾਕਟਰ ਮਨਪ੍ਰੀਤ ਕੌਰ, ਡਾਕਟਰ ਗੁਰਰਤਨ ਸਿੰਘ, ਪ੍ਰਿੰਸੀਪਲ ਸਵਿਤਾ ਖੰਨਾ, ਅਮਨਦੀਪ ਕੌਰ,ਜਸਵਿੰਦਰ ਕੌਰ, ਸਮੇਤ ਫੋਰ ਐਸ ਦੇ ਵੱਖ ਵੱਖ ਸਕੂਲਾਂ ਦੇ ਸਟਾਫ ਮੈਂਬਰ ਅਤੇ ਵਿਦਿਆਰਥੀ ਮੌਜੂਦ ਸਨ।

# ਸੀ ਐਚ ਸੀ ਬੜਾ ਪਿੰਡ ਵੱਲੋ ਵਿਸ਼ਵ ਏਡਜ਼ ਦਿਵਸ ਮਨਾਇਆ






ਫਗਵਾੜਾ - (ਸੁਸ਼ੀਲ ਸ਼ਰਮਾ)
ਸਿਵਲ ਸਰਜਨ ਜਲੰਧਰ ਡਾ ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋ ਵਿਸ਼ਵ ਏਡਜ਼ ਦਿਵਸ ਮਨਾਇਆ ਗਿਆ। ਇਸ ਮੌਕੇ ਤੇ ਜਾਣਕਾਰੀ ਦਿੰਦਿਆ ਸੀਨੀਅਰ ਮੈਡੀਕਲ ਅਫ਼ਸਰ ਡਾ ਅਮਿਤਾ ਲੂਨਾ ਨੇ ਦੱਸਿਆ ਕਿ ਵਿਸ਼ਵ ਏਡਜ਼ ਦਿਵਸ ਹਰ ਸਾਲ 1 ਦਸੰਬਰ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮੁੱਖ ਉਦੇਸ਼ ਏਡਜ਼ (ਐਕਵਾਇਰਡ ਇਮਯੂਨੋਡੇਫੀਸ਼ੀਐਂਸੀ ਸਿੰਡਰੋਮ) ਬਾਰੇ ਜਾਗਰੂਕਤਾ ਫੈਲਾਉਣਾ ਅਤੇ ਇਸ ਬਿਮਾਰੀ ਨਾਲ ਲੜਨ ਲਈ ਲੋਕਾਂ ਨੂੰ ਪ੍ਰੇਰਿਤ ਕਰਨਾ ਹੈ।

**ਮੈਡੀਕਲ ਅ.ਫਸਰ ਡਾ ਮਮਤਾ ਗੌਤਮ ਨੇ ਦੱਸਿਆ ਕਿ ਵਿੱਚ** ਭਾਰਤ ਵਿੱਚ ਲਗਭਗ 23 ਲੱਖ ਲੋਕ ਐਚ ਆਈ ਵੀ ਤੋ ਪੀੜਤ ਹਨ। ਪੰਜਾਬ ਵਿੱਚ ਇਹ ਆਂਕੜਾ 75 ਹਜਾਰ ਦੇ ਕਰੀਬ ਹੈ। ਓਨਾ ਦੱਸਿਆ ਕਿ ਪਿਛਲੇ ਦਹਾਕੇ ਵਿੱਚ ਭਾਰਤ ਨੇ ਐਚ ਆਈ ਵੀ ਦੀ ਰੋਕਥਾਮ ਅਤੇ ਇਲਾਜ ਵਿੱਚ ਵੱਡੀ ਪ੍ਰਗਤੀ ਕੀਤੀ ਹੈ।ਹਾਲਾਂਕਿ, ਅਜੇ ਵੀ ਕਈ ਚੁਣੌਤੀਆਂ ਬਾਕੀ ਹਨ, ਜਿਵੇਂ ਕਿ ਸਮਾਜਿਕ ਕਲੰਕ, ਗ਼ਰੀਬੀ ਅਤੇ ਦੂਰ-ਦਰਾਜ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਦੀ ਘਾਟ।

**ਉਨ੍ਹਾਂ ਏਡਜ਼ ਦਿਵਸ ਦੇ ਮੌਕੇ ਤੇ ਇਸ ਬਿਮਾਰੀ ਤੋ ਬੱਚਣ ਲਈ**
ਸੁਰੱਖਿਅਤ ਜਿੰਦਗੀ ਜੀਣ ਲਈ ਕਿਹਾ ਜਿਸ ਵਿੱਚ ਸੁਰੱਖਿਅਤ ਸਰੀਰਕ ਸਬੰਧ ਅਤੇ ਸਿਰਿੰਜਾਂ ਸਾਂਝੀਆਂ ਨਾ ਕਰਨਾ, ਕੰਨ ਬਿਨਣ ਅਤੇ ਟੈਟੂ ਬਨਾਉਣ ਲੱਗੇ ਵਿਸ਼ੇਸ਼ ਧਿਆਨ ਦੇਣ ਤੇ ਜ਼ੋਰ ਦਿੱਤਾ ਗਿਆ। ਬਲਾਕ ਐਕਸਟੈਨਸ਼ਨ ਐਜੂਕੇਟਰ ਪ੍ਰੀਤਇੰਦਰ ਨੇ ਐਚ ਆਈ ਵੀ/ਏਡਜ਼ ਨਾਲ ਪੀੜਤ ਲੋਕਾਂ ਨਾਲ ਸਹਿਯੋਗ ਕਰਨ ਅਤੇ ਉਨ੍ਹਾਂ ਦਾ ਸਮਾਜਿਕ ਬਾਈਕਾਟ ਨਾ ਕਰਨ ਲਈ ਕਿਹਾ। ਆਯੁਰਵੈਦਿਕ ਮੈਡੀਕਲ ਅਫ਼ਸਰ ਡਾ ਬਲਜਿੰਦਰ ਸਿੰਘ ਨੇ ਦੱਸਿਆ ਕਿ ਹੁਣ ਏਡਜ ਦੇ ਮਰੀਜ ਦਿਵਾਇਆ ਨਾਲ ਲੰਬਾ ਸਮਾ ਸਿਹਤਮੰਦ ਜਿੰਦਗੀ ਜੀ ਸਕਦੇ ਹਨ। ਇਸ ਮੌਕੇ ਤੇ ਸਮੂਹ ਸਟਾਫ ਹਾਜ਼ਰ ਸੀ।

# ਪਰਵਿੰਦਰ ਸਿੰਘ ਸੋਹਾਣਾ ਤੇ ਮਾਮਲਾ ਦਰਜ਼ ਕਰਨਾ ਸਰਕਾਰ ਦਾ ਗਲਤ ਫੈਸਲਾ:ਕੁਲਵੰਤ ਸਿੰਘ ਤ੍ਰਿਪੜੀ



ਖਰੜ, 1 ਦਸੰਬਰ ( ਕਾਲਾ ਸਿੰਘ ਸੈਣੀ )- ਪਿੰਡ ਕੁੰਭੜਾ ਦੇ ਨੌਜਵਾਨਾਂ ਦੇ ਕਤਲ ਦੇ ਮਾਮਲੇ ਵਿੱਚ ਧਰਨਾ ਲਗਾਉਣ ਵਾਲੇ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਸੋਹਾਣਾ ਤੇ ਜਿਲਾ ਮੋਹਾਲੀ ਦੀ ਪੁਲਿਸ ਵਲੋਂ ਕਥਿਤ ਤੌਰ ਤੇ ਮਾਮਲਾ ਦਰਜ਼ ਕਰਨ ਤੇ ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਸਕੱਤਰ ਕੁਲਵੰਤ ਸਿੰਘ ਤ੍ਰਿਪੜੀ ਵਲੋਂ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨਾਂ ਅੱਜ ਇੱਥੇ ਪੱਤਰਕਾਰਾਂ ਨਾਲ ਗੱਲ ਕਰਦਿਆ ਕਿਹਾ ਕਿ ਇਹ ਘਟਨਾ 'ਆਪ' ਸਰਕਾਰ ਦੀ ਕਾਰਜ਼ਗਾਰੀ ਤੇ ਸਵਾਲੀਆਂ ਨਿਸ਼ਾਨ ਲਗਾਉਂਦੀ ਹੈ ਕਿਉਕਿ ਜਦੋ ਇਹ ਘਟਨਾ ਵਾਪਰੀ ਤਾਂ ਸਰਕਾਰ ਵਲੋਂ ਸਮੇਂ ਸਿਰ ਕਾਰਵਾਈ ਨਹੀ ਕੀਤੀ ਗਈ ਅਤੇ ਰੋਜਾਨਾ ਹੀ ਪੰਜਾਬ ਵਿਚ ਲੁੱਟ ਖੋਹ, ਕਤਲ ਵਰਗੀਆਂ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਸਰਕਾਰ ਅਮਨ ਕਾਨੂੰਨ ਦੀ ਸਥਿਤੀ ਵੀ ਬਹਾਲ ਨਹੀਂ ਰੱਖ ਸਕੀ। ਉਨਾਂ ਕਿਹਾ ਕਿ ਉਹ ਹਲਕਾ ਇੰਚਾਰਜ਼ ਪਰਵਿੰਦਰ ਸਿੰਘ ਸੋਹਾਣਾ ਦੇ ਨਾਲ ਖੜੇ ਹਾਂ ਜੇਕਰ ਪਾਰਟੀ ਨੂੰ ਸਰਕਾਰ ਅਤੇ ਪੁਲਿਸ ਦੇ ਖਿਲਾਫ ਰੋਸ ਧਰਨੇ ਦੇਣ ਦੀ ਲੋੜ ਪਈ ਤਾਂ ਜ਼ਰੂਰ ਦਿੱਤੇ ਜਾਣਗੇ।

# ਨਗਰ ਨਿਗਮ ਨੇ 20 ਦੁਕਾਨਾਂ ਤੋਂ 70 ਕਿਲੋ ਸਿੰਗਲ ਯੂਜ਼ ਪਲਾਸਟਿਕ ਬਰਾਮਦ ਕਰਕੇ ਚਲਾਨ ਕੀਤੇ



ਅੰਮ੍ਰਿਤਸਰ, (ਲੋਕ ਬਾਣੀ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਨਿਗਮ ਦੀ ਸਿਹਤ ਵਿਭਾਗ ਦੀ ਟੀਮ ਨੇ ਆਈਡੀਐਚ ਮਾਰਕੀਟ ਦੀਆਂ 20 ਦੁਕਾਨਾਂ ਤੋਂ 70 ਕਿਲੋ ਸਿੰਗਲ ਯੂਜ਼ ਪਲਾਸਟਿਕ ਬਰਾਮਦ ਕਰਕੇ ਚਲਾਨ ਕੀਤੇ। ਨਿਗਮ ਦੇ ਸਿਹਤ ਅਧਿਕਾਰੀ ਡਾ.ਕਿਰਨ ਦੀ ਅਗਵਾਈ ਚ ਚੀਫ਼ ਸੈਨੇਟਰੀ ਇੰਸਪੈਕਟਰ ਵਿਜੇ ਗਿੱਲ, ਸੈਨੇਟਰੀ ਇੰਸਪੈਕਟਰ ਸੰਜੀਵ ਅਰੋੜਾ, ਸੈਨੇਟਰੀ ਇੰਸਪੈਕਟਰ ਅਨਿਲ ਡੋਗਰਾ ਅਤੇ ਸਿਹਤ ਵਿਭਾਗ ਦੀ ਟੀਮ ਨੇ ਆਈ.ਡੀ.ਐਚ. ਮਾਰਕੀਟ ਚ ਦਸਤਕ ਦਿੱਤੀ। ਟੀਮ ਵੱਲੋਂ ਜਦੋਂ ਦੁਕਾਨਾਂ ਦੀ ਚੈਕਿੰਗ ਕੀਤੀ ਗਈ ਤਾਂ ਦੁਕਾਨਾਂ ਦੇ ਅੰਦਰੋਂ ਭਾਰੀ ਮਾਤਰਾ ਵਿੱਚ ਸਿੰਗਲ ਯੂਜ਼ ਪਲਾਸਟਿਕ ਦੇ ਲਿਫਾਫੇ ਬਰਾਮਦ ਹੋਏ। ਸਰਕਾਰ ਵੱਲੋਂ ਢਾਈ ਸਾਲ ਪਹਿਲਾਂ ਇਨ੍ਹਾਂ ਸਿੰਗਲ ਯੂਜ਼ ਲਿਫ਼ਾਫ਼ਿਆਂ ਤੇ ਪਾਬੰਦੀ ਲਗਾਈ ਗਈ ਹੈ।ਇਸ ਤੋਂ ਪਹਿਲਾਂ ਸਿੰਗਲ ਯੂਜ਼ ਪਲਾਸਟਿਕ ਵਿਰੁੱਧ ਮੁਹਿੰਮ ਚਲਾ ਕੇ ਨਗਰ ਨਿਗਮ ਨੇ 900 ਤੋਂ ਵੱਧ ਚਲਾਨ ਕੱਟ ਕੇ 1550 ਕਿਲੋ ਸਿੰਗਲ ਯੂਜ਼ ਪਲਾਸਟਿਕ ਬਰਾਮਦ ਕੀਤਾ ਸੀ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਨੇ ਚਲਾਨਾਂ ਦੇ ਬਦਲੇ ਕਰੀਬ 5.5 ਲੱਖ ਰੁਪਏ ਦਾ ਜੁਰਮਾਨਾ ਵਸੂਲਿਆ ਹੈ।

ਇਕ ਵਾਰ ਫਿਰ ਮੁਹਿੰਮ ਸ਼ੁਰੂ ਕਰਨ ਨੂੰ ਲੈ ਕੇ ਦੁਕਾਨਦਾਰਾਂ ਨਾਲ ਬਹਿਸ ਹੋ ਗਈ। ਅੱਜ ਜਦੋਂ ਆਈਡੀਐਚ ਮਾਰਕੀਟ ਵਿੱਚ ਇੱਕ ਵਾਰ ਫਿਰ ਮੁਹਿੰਮ ਸ਼ੁਰੂ ਕੀਤੀ ਗਈ ਤਾਂ ਟੀਮ ਦੀ ਦੁਕਾਨਦਾਰਾਂ ਨਾਲ ਬਹਿਸ ਹੋ ਗਈ। ਕੁਝ ਲੋਕ ਤਾਂ ਇਹ ਵੀ ਕਹਿਣ ਲੱਗੇ ਕਿ ਉਨ੍ਹਾਂ ਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ। ਉਨ੍ਹਾਂ ਦੱਸਿਆ ਕਿ ਬਹਿਸ ਦੇ ਬਾਵਜੂਦ ਦੁਕਾਨਦਾਰਾਂ ਦੇ ਚਲਾਨ ਕੱਟਣ ਦਾ ਸਿਲਸਿਲਾ ਜਾਰੀ ਹੈ। ਉਨ੍ਹਾਂ ਕਿਹਾ ਕਿ ਭਲਕੇ ਤੋਂ ਸ਼ਹਿਰ ਦੇ ਬਾਜ਼ਾਰਾਂ ਵਿੱਚ ਸਪੀਕਰਾਂ ਰਾਹੀਂ ਆਟੋ ਵਿੱਚ ਸਿੰਗਲ ਯੂਜ਼ ਪਲਾਸਟਿਕ ਦੇ ਖ਼ਿਲਾਫ਼ ਐਲਾਨ ਵੀ ਕੀਤੇ ਜਾਣਗੇ।

ਨਗਰ ਨਿਗਮ ਦੇ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਲੋਕ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ। ਉਨ੍ਹਾਂ ਕਿਹਾ ਕਿ ਸਿੰਗਲ ਯੂਜ਼ ਪਲਾਸਟਿਕ ਹਾਨੀਕਾਰਕ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ ਪਹਿਲਾਂ ਵੀ ਇਸ ਵਿਰੁੱਧ ਮੁਹਿੰਮ ਚਲਾਈ ਗਈ ਸੀ ਅਤੇ ਹੁਣ ਮੁੜ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸਿੰਗਲ ਯੂਜ਼ ਪਲਾਸਟਿਕ ਬਣਾਉਣ ਅਤੇ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਖਰੜ ਦੇ ਵਾਰਡ ਨੰਬਰ 16 ਵਿੱਚ ਸਫਾਈ ਮੁਹਿੰਮ ਕਰਵਾਈ ਸ਼ੁਰੂ: ਕਰਮਾ ਕਬੂਲਪੁਰੀ



ਖਰੜ, 1 ਦਸੰਬਰ ( ਕਾਲਾ ਸਿੰਘ ਸੈਣੀ )-ਸਥਾਨਕ ਸ਼ਹਿਰ ਦੇ ਵਾਰਡ ਨੰਬਰ 16 ਦੇ ਵਸਨੀਕ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਰਮਾ ਕਬੂਲਾਪੁਰੀ ਨੇ ਕਿਹਾ ਕਿ ਨਗਰ ਕੌਂਸਲ ਖਰੜ ਵਲੋਂ ਵਾਰਡ ਨੰ: 16 ਦੀ ਵਿਸੇਸ ਤੌਰ ਤੇ ਸਫਾਈ ਲਈ ਸਫਾਈ ਕਰਮਚਾਰੀ ਤਾਇਨਾਤ ਕੀਤੇ ਗਏ ਹਨ ਅਤੇ ਊਨਾਂ ਵਲੋਂ ਵਾਰਡ ਦੇ ਹਰ ਗਲੀ, ਮੂਹੱਲੇ ਦੀ ਸਫਾਈ ਕੀਤੀ ਜਾ ਰਹੀ ਹੈ।ਊਨਾਂ ਕਿਹਾ ਕਿ ਇਸ ਤੋਂ ਪਹਿਲਾਂ ਹਲਕਾ ਵਿਧਾਇਕ ਅਨਮੋਲ ਗਗਨ ਮਾਨ ਦੀ ਰਹਿਨੁਮਾਈ ਸਦਕਾ ਵਾਰਡ ਵਿਚ ਸਟਰੀਟ ਲਾਈਟਾਂ, ਬਰਸਾਤੀ ਪਾਣੀ ਦੇ ਨਿਕਾਸ ਲਈ ਪਾਈਪਾਂ ਅਤੇ ਹੋਰ ਵਿਕਾਸ ਦੇ ਕੰਮ ਸ਼ੁਰੂ ਕੀਤੇ ਜਾ ਚੁੱਕੇ ਹਨ।

# ਬਰਿੰਦਰ ਕੁਮਾਰ ਗੋਇਲ ਵੱਲੋਂ ਪਿੰਡ ਕਿਸ਼ਨਗੜ੍ਹ ਵਿਖੇ 1.54 ਕਰੋੜ ਰੁਪਏ ਦੇ ਜ਼ਮੀਨਦੋਜ਼ ਪਾਈਪਲਾਈਨ ਪ੍ਰਾਜੈਕਟ ਦਾ ਉਦਘਾਟਨ

ਮਾਨਸਾ, 1 ਦਸੰਬਰ : (ਲੋਕ ਬਾਣੀ
ਪੰਜਾਬ ਸਰਕਾਰ ਹਮੇਸ਼ਾ ਹੀ ਕਿਸਾਨਾਂ ਦੀ ਹਿਤੈਸ਼ੀ ਰਹੀ ਹੈ ਅਤੇ ਖੇਤੀਬਾੜੀ ਨੂੰ ਪ੍ਰਫੁਲਿਤ ਕਰਨ ਲਈ ਹਰ ਸੰਭਵ ਉਪਰਾਲੇ ਕਰਨ ਲਈ ਪੱਬਾਂ ਭਾਰ ਅਤੇ ਵਚਨਬੱਧ ਹੈ। ਇਸੇ ਤਹਿਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਖੇਤੀਬਾੜੀ ਕਿੱਤੇ ਨੂੰ ਪ੍ਰਫੁਲਿਤ ਕਰਨ ਹਿੱਤ ਲੋੜੀਂਦਾ ਨਹਿਰੀ ਪਾਣੀ ਹਰੇਕ ਖੇਤ ਵਿੱਚ ਪਹੁੰਚਦਾ ਕਰਨ ਲਈ ਜ਼ਮੀਨਦੋਜ਼ ਪਾਈਪਾਂ ਪਾਈਆਂ ਗਈਆਂ ਹਨ।



ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਖਣਨ ਤੇ ਭੂ-ਵਿਗਿਆਨ, ਭੂਮੀ ਤੇ ਜਲ ਸੰਭਾਲ ਅਤੇ ਜਲ ਸਰੋਤ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਮਾਨਸਾ ਜ਼ਿਲ੍ਹੇ ਦੇ ਪਿੰਡ ਕਿਸ਼ਨਗੜ੍ਹ ਵਿਖੇ ਜ਼ਮੀਨਦੋਜ਼ ਪਾਈਪਲਾਈਨ ਦੇ ਕੰਮਾਂ ਦਾ ਉਦਘਾਟਨ ਕਰਦਿਆਂ ਕੀਤਾ।
ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਅੱਜ ਕਰੀਬ 1.54 ਕਰੋੜ ਰੁਪਏ ਦੀ ਲਾਗਤ ਨਾਲ ਘੱਗਰ ਪ੍ਰਾਜੈਕਟ ਮਾਨਸਾ ਅਧੀਨ ਕਿਸ਼ਨਗੜ੍ਹ ਦੇ ਪੁਰਾਣੇ ਖ਼ਸਤਾ ਹਾਲ ਹੋ ਚੁੱਕੇ ਖਾਲ ਅਤੇ ਕੱਚੇ ਖਾਲਾਂ ਨੂੰ ਮੁੜ ਪੱਕਾ ਕਰਨ ਲਈ ਜ਼ਮੀਨਦੋਜ਼ ਪਾਈਪਲਾਈਨ ਨਾਲ ਲਾਈਨਿੰਗ ਦਾ ਕੰਮ ਕੀਤਾ ਗਿਆ ਹੈ। ਇਨ੍ਹਾਂ ਕੰਮਾਂ ਨਾਲ 2200 ਤੋਂ ਵਧ ਏਕੜ ਰਕਬੇ ਨੂੰ ਸਿੰਚਾਈ ਸਹੂਲਤਾਂ ਮਿਲਣਗੀਆਂ।ਉਨ੍ਹਾਂ ਦੱਸਿਆ ਕਿ ਨਹਿਰੀ ਪਾਣੀ ਪ੍ਰਾਪਤ ਹੋਣ ਨਾਲ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ ਅਤੇ ਇਸ ਨਾਲ ਹੀ ਬਿਜਲੀ ਦੀ ਬੱਚਤ ਹੋਵੇਗੀ। ਉਨ੍ਹਾਂ ਨਾਲ ਹੀ ਕਿਹਾ ਕਿ ਇਸ ਦੇ ਨਾਲ ਹੀ ਨਹਿਰੀ ਪਾਣੀ ਮਿਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਅਤੇ ਫ਼ਸਲਾਂ ਦੇ ਉਤਪਾਦਨ ਵਿੱਚ ਵਾਧਾ ਹੋਣਾ ਸ਼ੁਰੂ ਹੋ ਗਿਆ ਹੈ।
ਇਸ ਮੌਕੇ ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ਼੍ਰੀ ਬੁੱਧ ਰਾਮ ਨੇ ਦੱਸਿਆ ਕਿ ਅੱਜ ਦੇ ਉਦਘਾਟਨ ਤਹਿਤ ਕਿਸ਼ਨਗੜ੍ਹ ਦੇ 6 ਮੋਘਿਆਂ ਦਾ ਕੰਮ ਕਰਵਾਇਆ ਗਿਆ ਜਿਸ ਨਾਲ ਕਿਸਾਨਾਂ ਦੀ ਜ਼ਮੀਨ ਨੂੰ ਨਹਿਰੀ ਪਾਣੀ ਸਹੀ ਮਾਤਰਾ ਵਿੱਚ ਮਿਲਣ ਨਾਲ ਕਾਫ਼ੀ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਬੁਢਲਾਡਾ ਦੇ ਪਿੰਡਾਂ ਵਿੱਚ ਸਿੰਚਾਈ ਲਈ ਨਹਿਰੀ ਪਾਣੀ ਪਹਿਲਾਂ ਖਾਲਾਂ ਰਾਹੀਂ ਸਪਲਾਈ ਹੁੰਦਾ ਸੀ ਅਤੇ ਖਾਲ ਟੁੱਟਣ ਕਾਰਨ ਪਾਣੀ ਵਿਅਰਥ ਚਲਾ ਜਾਂਦਾ ਸੀ। ਇਸ ਪਾਣੀ ਨੂੰ ਵਰਤੋਂਯੋਗ ਬਣਾਉਣ ਲਈ ਹੀ ਪੰਜਾਬ ਸਰਕਾਰ ਵੱਲੋਂ ਜ਼ਮੀਨਦੋਜ਼ ਪਾਈਪਾਂ ਪਾਉਣ ਦੇ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ ਗਈ।
ਇਸ ਮੌਕੇ ਐਸ.ਡੀ.ਐਮ. ਸ਼੍ਰੀ ਕਾਲਾ ਰਾਮ ਕਾਂਸਲ ਅਤੇ ਐਕਸੀਅਨ ਸ਼੍ਰੀ ਗੁਣਦੀਪ ਸਿੰਘ ਤੋਂ ਇਲਾਵਾ ਹੋਰ ਵੀ ਅਧਿਕਾਰੀ ਕਰਮਚਾਰੀ ਅਤੇ ਮੋਹਤਬਰ ਸਖ਼ਸ਼ੀਅਤਾਂ ਮੌਜੂਦ ਸਨ।

# ਵਿਸ਼ਵ ਏਡਜ਼ ਦਿਵਸ ਮੌਕੇ ਰੈੱਡ ਰਿਬਨ ਕਲੱਬ ਦੇ ਵਲੰਟੀਅਰਜ਼ ਨੇ ਕੱਢੀ ਜਾਗਰੂਕਤਾ ਰੈਲੀ




(ਲੋਕ ਬਾਣੀ ਯੁਵਕ ਸੇਵਾਵਾਂ ਵਿਭਾਗ ਮਾਨਸਾ ਤੇ ਸਹਾਇਕ ਡਾਇਰੈਕਟਰ ਰਘਵੀਰ ਸਿੰਘ ਮਾਨ ਦੀ ਰਹਿਨੁਮਾਈ ਹੇਠ ਵਿਸ਼ਵ ਏਡਜ਼ ਦਿਵਸ ਤੇ ਸਰਕਾਰੀ ਆਈ.ਟੀ.ਆਈ. ਮਾਨਸਾ ਦੇ ਰੈਡ ਰਿਬਨ ਕਲੱਬ ਵੱਲੋਂ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਨੂੰ ਪ੍ਰਿੰਸੀਪਲ ਗੁਰਮੇਲ ਸਿੰਘ ਮਾਖਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਉਹਨਾਂ ਕਿਹਾ ਕਿ ਭਾਰਤੀ ਸਿਹਤ ਵਿਭਾਗ ਦੇ ਅੰਕੜਿਆਂ ਅਨੁਸਾਰ 2019 ਵਿੱਚ ਐਚ.ਆਈ.ਵੀ. ਮਰੀਜਾਂ ਜੀ ਗਿਣਤੀ ਤਕਰੀਬਨ 23 ਲੱਖ ਸੀ। ਜਿਹਨਾ ਵਿੱਚੋਂ ਕਰੀਬ 65 ਹਜ਼ਾਰ ਪੰਜਾਬ ਦੇ ਸਨ। ਹੁਣ ਇਹ ਗਿਣਤੀ 25 ਲੱਖ ਦੇ ਕਰੀਬ ਹੈ। ਸਿਹਤ ਵਿਭਾਗ ਨੇ 2030 ਤੱਕ ਏਡਜ਼ ਮੁਕਤ ਕਰਵਾਉਣ ਦਾ ਪ੍ਰਣ ਕੀਤਾ ਹੈ। ਇਸ ਪ੍ਰਣ ਨੂੰ ਪੂਰਾ ਕਰਨ ਲਈ ਸਿਖਿਆਰਥੀ ਹੀ ਅਹਿਮ ਯੋਗਦਾਨ ਪਾ ਸਕਦੇ ਹਨ।

ਗੁਰਪਿਆਰ ਸਿੰਘ ਐਨ.ਐਸ.ਐਸ. ਅਫ਼ਸਰ ਨੇ ਕਿਹਾ ਕਿ ਪੰਜਾਬ ਵਿੱਚ ਟੀਕਿਆਂ ਨਾਲ ਨਸ਼ਾ ਕਰਨ ਦੇ ਰੁਝਾਨਾਂ ਵਿੱਚ ਭਾਰੀ ਵਾਧਾ ਹੋਇਆ ਹੈ। ਜੋ ਪੰਜਾਬ ਵਿੱਚ ਐਚ.ਆਈ.ਵੀ./ਏਡਜ਼ ਫੈਲਣ ਦਾ ਵੱਡਾ ਕਾਰਨ ਬਣਿਆ ਹੋਇਆ ਹੈ। ਰੈਲੀ ਦੌਰਾਨ ਵਲੰਟੀਅਰਜ਼ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਉਨਾਂ ਵੱਲੋਂ ਮਾਨਸਾ ਕੈਂਚੀਆਂ ਦੇ ਲੋਕਾਂ ਨੂੰ ਏਡਜ਼ ਰੋਗ ਸੰਬੰਧੀ ਬਚਾਅ ਬਾਰੇ ਜਾਣਕਾਰੀ ਅਤੇ ਤਖਤੀਆਂ ਤੇ ਸਲੋਗਨਾਂ ਰਾਹੀਂ ਸਿਹਤ ਸਮਾਜ ਦੀ ਉਸਾਰੀ ਕਰਨ ਲਈ ਪ੍ਰੇਰਿਤ ਕਰਨ ਦਾ ਯਤਨ ਕੀਤਾ ਗਿਆ। ਵਲੰਟੀਅਰਜ਼ ਨਿਸ਼ਚਲਪ੍ਰੀਤ ਸਿੰਘ, ਬਲਜੀਤ ਸਿੰਘ, ਹਰਜਿੰਦਰ ਸਿੰਘ ਅਤੇ ਹਰਪ੍ਰੀਤ ਸਿੰਘ ਵੱਲੋਂ ਰੈਲੀ ਦੀ ਅਗਵਾਈ ਕੀਤੀ ਗਈ।

ਅੰਤ ਵਿੱਚ ਰੈੱਡ ਰਿਬਨ ਕਲੱਬ ਦੇ ਕੋਆਰਡੀਨੇਟਰ ਜਸਪਾਲ ਸਿੰਘ ਵੱਲੋਂ ਰੈਲੀ ਨੂੰ ਸਫ਼ਲ ਬਣਾਉਣ ਲਈ ਸਾਰੇ ਵਲੰਟੀਅਰਜ਼ ਦਾ ਧੰਨਵਾਦ ਕੀਤਾ ਗਿਆ।

# ਲਾਇਨਜ਼ ਕਲੱਬ ਵੱਲੋਂ ਵਿਸ਼ਾਲ ਮੈਡੀਕਲ ਕੈਂਪ ਵਿੱਚ 400 ਮਰੀਜ਼ਾਂ ਦੀ ਜਾਂਚ ਕੀਤੀ ਗਈ

ਡੇਰਾਬਸੀ, (ਲੋਕ ਬਾਣੀ ਲਾਇਨਜ਼ ਕਲੱਬ ਡੇਰਾਬਸੀ ਵੱਲੋਂ ਅੱਜ ਗੁਰਦੁਆਰਾ ਸ਼੍ਰੀ ਬੇਬੇ ਨਾਨਕੀ ਵਿਖੇ ਵਿਸ਼ਾਲ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਜਨਰਲ ਮੈਡੀਸਨ, ਗਾਇਨੀ, ਅੱਖਾਂ, ਦੰਦਾਂ ਅਤੇ ਹੱਡੀਆਂ ਦੇ ਮਾਹਿਰ ਡਾਕਟਰਾਂ ਵੱਲੋਂ 400 ਵਿਅਕਤੀਆਂ ਦੀ ਜਾਂਚ ਕੀਤੀ ਗਈ। ਇਸ ਕੈਂਪ ਵਿੱਚ ਜ਼ਿਆਦਾਤਰ ਮਰਦਾਂ ਨੇ ਆਪਣੀਆਂ ਅੱਖਾਂ ਅਤੇ ਹੱਡੀਆਂ ਦੀ ਜਾਂਚ ਕਰਵਾਈ ਅਤੇ ਔਰਤਾਂ ਨੇ ਗਾਇਨੀ ਸਬੰਧੀ ਜਾਂਚ ਕਰਵਾਈ ਗਈ । ਇਸ ਮੌਕੇ ਲਾਇਨਜ਼ ਕਲੱਬ ਵੱਲੋਂ ਸਾਰੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਲਾਇਨਜ਼ ਕਲੱਬ ਵੱਲੋਂ ਅੱਖਾਂ ਦਾ ਚੈਕਅੱਪ ਕਰਵਾਉਣ ਵਾਲੇ ਲੋਕਾਂ ਨੂੰ ਜਲਦੀ ਹੀ ਅੱਖਾਂ ਦੇ ਐਨਕਾਂ ਅਤੇ ਲੈਂਜ਼ ਮੁਫਤ ਦਿੱਤੇ ਜਾਣਗੇ। ਅੱਜ ਜੋਯੋਤੀ ਹਸਪਤਾਲ ਢਕੌਲੀ ਦੇ ਡਾਕਟਰਾਂ ਵੱਲੋਂ ਦੰਦਾਂ ਡਾਕਟਰ ਸ਼ੁਭ ਅਤੇ, ਹੱਡੀਆਂ ਦਾ ਚੈਕਅੱਪ ਪਾਰਕ ਹਸਪਤਾਲ ਦੇ ਡਾ: ਗਗਨ ਦੁਆਰਾ ਕੀਤਾ ਗਿਆ ਅਤੇ ਜਨਰਲ ਚੈਕਅੱਪ ਡਾ. ਪਾਰਸ ਸੂਰੀ ਅਤੇ ਜੋਤੀ ਹਸਪਤਾਲ ਦੇ ਡਾ: ਰਵੀਨਾ ਸੂਰੀ ਵੱਲੋਂ ਕੀਤਾ ਗਿਆ।
ਇਸ ਮੌਕੇ ਐਸ ਡੀ ਐਮ ਅਮਿਤ ਗੁਪਤਾ ਦੁਆਰਾ ਕੀਤਾ ਗਿਆ। ਉਨ੍ਹਾਂ ਨੇ ਲਾਈਨਜ ਕਲੱਬ ਡੇਰਾਬੱਸੀ ਵੱਲੋਂ ਇਲਾਕੇ ਅੰਦਰ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ। ਵਿਧਾਇਕ ਡੇਰਾਬਸੀ ਕੁਲਜੀਤ ਸਿੰਘ ਰੰਧਾਵਾ ਜ਼ਰੂਰੀ ਕੰਮ ਕਾਰਨ ਨਹੀਂ ਆ ਸਕੇ, ਉਨ੍ਹਾਂ ਨੇ ਡੇਰਾਬਸੀ ਨਗਰ ਕੌਂਸਲ ਦੇ ਪ੍ਰਧਾਨ ਅੰਸ਼ੂ ਉਪਨੇਜਾ ਦੇ ਪਤੀ ਸਮਾਜ ਸੇਵੀ ਨਰੇਸ਼ ਉਪਨੇਜਾ, ਐਮਸੀ ਪਟਵਾਰੀ, ਐਮਸੀ ਸੋਨੂੰ ਵਰਮਾ, ਐਮਸੀ ਬਲਜਿੰਦਰ ਸੈਣੀ, ਐਮ.ਸੀ ਦਵਿੰਦਰ ਸਿੰਘ ਨੂੰ ਭੇਜਿਆ।
. ਇਸ ਮੈਡੀਕਲ ਕੈਂਪ ਵਿੱਚ ਡੇਰਾਬਸੀ ਦੇ ਤਹਿਸੀਲਦਾਰ ਸ੍ਰੀ ਵੀਰਕਰਨ ਸਿੰਘ, ਡੇਰਾਬਸੀ ਦੇ ਐਸ.ਐਚ.ਓ ਮਨਦੀਪ ਸਿੰਘ, ਐਸ. ਐਮ.ਓ ਡੇਰਾਬਸੀ ਸ੍ਰੀ ਧਰਮਿੰਦਰ ਸਿੰਘ, ਇੰਡਸਟਰੀਅਲ ਐਸੋਸੀਏਸ਼ਨ ਦੇ ਪ੍ਰਧਾਨ ਵਿਜੇ ਮਿੱਤਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।
ਲਾਇਨਜ਼ ਕਲੱਬ ਦੇ ਪ੍ਰਧਾਨ ਨਿਤਿਨ ਜਿੰਦਲ ਅਤੇ ਸਮੂਹ ਮੈਂਬਰਾਂ ਨੇ ਸਾਰੇ ਮਹਿਮਾਨਾਂ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਇਸ





ਮੌਕੇ ਲਾਇਨਜ਼ ਕਲੱਬ ਲਾਇਨ ਸਨੰਤ ਭਾਰਦਵਾਜ ਲਾਇਨ ਕੇਵਲ ਗੋਇਲ ਲਾਇਨ ਬਰਖਾ ਰਾਮ, ਲਾਇਨ ਰਵਿੰਦਰ ਸੈਣੀ, ਲਾਇਨ ਪ੍ਰੇਮ ਸਿੰਘ ਸ਼ੇਰ ਬਲਕਾਰ ਸਿੰਘ ਲਾਇਨ ਮਾਸਟਰ ਕਰਮ ਸਿੰਘ, ਲਾਇਨ ਪਵ ਧੀਮਾਨ, ਅਮਰੀਸ਼ ਭੱਲਾ ਸਮੇਤ ਗੁਰਦੁਆਰਾ ਸ਼੍ਰੀ ਬੇਬੇ ਨਾਨਕੀ ਦੇ ਹੈੱਡ ਗ੍ਰੰਥੀ ਹਰਜੀਤ ਸਿੰਘ ਆਦਿ ਹਾਜ਼ਰ ਸਨ। ਅੰਤ ਵਿੱਚ ਗੁਰਦੁਆਰਾ ਸਾਹਿਬ ਵੱਲੋਂ ਸਾਰਿਆਂ ਲਈ ਚਾਹ ਅਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ।

# 51ਵੇਂ ਆਲ ਇੰਡੀਆ ਇੰਟਰ-ਇੰਸਟੀਟਿਊਸ਼ਨਲ ਟੇਬਲ ਟੈਨਿਸ ਟੂਰਨਾਮੈਂਟ 2024 ਦਾ ਸ਼ਾਨਦਾਰ ਸਮਾਪਤੀ ਸਮਾਰੋਹ

ਚੰਡੀਗੜ੍ਹ, (ਲੋਕ ਬਾਣੀ : 51ਵਾਂ ਆਲ ਇੰਡੀਆ -ਇੰਟਰ ਇੰਟਰ-ਇੰਸਟੀਟਿਊਸ਼ਨਲ ਟੇਬਲ ਟੈਨਿਸ ਟੂਰਨਾਮੈਂਟ 2024 ਸੀਜੀਏ ਗੋਲਫ ਰੇਂਜ, ਚੰਡੀਗੜ੍ਹ ਵਿਖੇ ਸ਼ਾਨਦਾਰ ਸਮਾਪਤੀ ਸਮਾਰੋਹ ਨਾਲ ਸਮਾਪਤ ਹੋ ਗਿਆ। ਇਸ ਇਵੈਂਟ ਵਿੱਚ ਕਈ ਸ਼੍ਰੇਣੀਆਂ ਵਿੱਚ ਦਿਲਚਸਪ ਮੈਚ, ਵਿਸ਼ੇਸ਼ ਮਹਿਮਾਨਾਂ ਦੀ ਭਾਗੀਦਾਰੀ ਅਤੇ ਇੱਕ ਅਸਾਧਾਰਨ ਸੱਭਿਆਚਾਰਕ ਪ੍ਰਦਰਸ਼ਨ ਜਿਸ ਨੇ ਸਾਰਿਆਂ ਦਾ ਮਨ ਮੋਹ ਲਿਆ।

ਉਦਘਾਟਨੀ ਸਮਾਰੋਹ ਵਿੱਚ ਪਦਮ ਵਿਭੂਸ਼ਣ ਪੰਡਿਤ ਹਰੀਪ੍ਰਸਾਦ ਚੌਰਸੀਆ ਦੇ ਚੇਲੇ, ਪ੍ਰਸਿੱਧ ਬੰਸਰੀ ਭੈਣਾਂ, ਦੇਬੋਪ੍ਰਿਆ ਅਤੇ ਸੁਚਿਸਮਿਤਾ ਚੈਟਰਜੀ ਦੁਆਰਾ ਇੱਕ ਮਨਮੋਹਕ ਬੰਸਰੀ ਪੇਸ਼ਕਾਰੀ ਪੇਸ਼ ਕੀਤੀ ਗਈ। ਉਸ ਦੇ ਨਾਲ ਤਬਲਾ ਵਾਦਕ ਅਮਿਤ ਮਿਸ਼ਰਾ, ਤਾਲ ਮਾਹਿਰ ਦੀਪੇਸ਼ ਵਰਮਾ, ਗਿਟਾਰ ਵਾਦਕ ਰਾਹੁਲ ਦੇਵ ਅਤੇ ਸੰਗੀਤ ਪ੍ਰਬੰਧਕ ਅਮਿਤ ਵਿਲਾਸ ਪਾਂਡੇ ਸਮੇਤ ਉਸ ਦੀ ਪ੍ਰਤਿਭਾਸ਼ਾਲੀ ਟੀਮ ਦੇ ਮੈਂਬਰ ਸ਼ਾਮਲ ਹੋਏ।

ਟੂਰਨਾਮੈਂਟ ਵਿੱਚ ਪੁਰਸ਼ ਸਿੰਗਲਜ਼, ਮਹਿਲਾ ਸਿੰਗਲਜ਼, ਪੁਰਸ਼ ਡਬਲਜ਼, ਮਹਿਲਾ ਡਬਲਜ਼, ਮਿਕਸਡ ਡਬਲਜ਼ ਅਤੇ ਪੁਰਸ਼ਾਂ ਅਤੇ ਮਹਿਲਾਵਾਂ ਦੋਵਾਂ ਲਈ ਟੀਮ ਚੈਂਪੀਅਨਸ਼ਿਪ ਵਰਗੀਆਂ ਵੱਖ-ਵੱਖ ਸ਼੍ਰੇਣੀਆਂ ਵਿੱਚ ਰੋਮਾਂਚਕ ਮੈਚ ਖੇਡੇ ਗਏ। ਮੁਕਾਬਲਾ ਬਹੁਤ ਹੀ ਸਖ਼ਤ ਸੀ, ਜਿਸ ਵਿੱਚ ਖਿਡਾਰੀਆਂ ਨੇ ਬੇਮਿਸਾਲ ਹੁਨਰ ਅਤੇ ਖੇਡ ਦਾ ਪ੍ਰਦਰਸ਼ਨ ਕੀਤਾ।ਸਮਾਪਤੀ ਸਮਾਰੋਹ ਵਿੱਚ ਸ਼੍ਰੀ ਟੀ. ਰਵੀ ਸ਼ੰਕਰ, ਡਿਪਟੀ ਗਵਰਨਰ, ♣29, ਵੰਦਨਾ ਖਰੇ, 37$, ♣29,




ਪੁਨੀਤ ਪੰਚੋਲੀ, 37$, ♣29, ਵਿਵੇਕ ਸ਼੍ਰੀਵਾਸਤਵ, ਖੇਤਰੀ ਨਿਰਦੇਸ਼ਕ, ♣29; ਇਸ ਮੌਕੇ ਨਾਬਾਰਡ ਦੇ ਸੀ.ਜੀ.ਐਮ., ਚੰਡੀਗੜ੍ਹ ਦੇ ਸਾਬਕਾ ਮੇਅਰ ਅਤੇ ਚੰਡੀਗੜ੍ਹ ਟੇਬਲ ਟੈਨਿਸ ਐਸੋਸੀਏਸ਼ਨ ਦੇ ਪ੍ਰਧਾਨ ਅਨੂਪ ਗੁਪਤਾ, ਸੀਨੀਅਰ ਪੁਲਿਸ ਅਧਿਕਾਰੀ ਅਤੇ ਹੋਰ ਸਬੰਧਿਤ ਅਧਿਕਾਰੀ ਹਾਜ਼ਰ ਸਨ।

ਆਰਬੀਆਈ ਚੰਡੀਗੜ੍ਹ ਇਸ ਸਾਲ ਦੇ ਟੂਰਨਾਮੈਂਟ ਦੀ ਸਫ਼ਲਤਾ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਭਾਗੀਦਾਰਾਂ, ਪ੍ਰਬੰਧਕਾਂ ਅਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੈ। ਇਹ ਸਮਾਗਮ ਟੇਬਲ ਟੈਨਿਸ ਦੀ ਪ੍ਰਤਿਭਾ ਅਤੇ ਖਿਡਾਰਨਾਂ ਦਾ ਸੱਚਾ ਜਸ਼ਨ ਸੀ।

# ਵਿਧਾਇਕ ਕੁਲਵੰਤ ਸਿੰਘ ਵੱਲੋਂ ਸੈਕਟਰ-74 ਅਤੇ ਸੈਕਟਰ-90 ਨੂੰ ਵੰਡਦੀ ਸੜਕ ਬਨਾਉਣ ਦੀ ਸ਼ੁਰੂਆਤ ਕੀਤੀ ਗਈ

ਮੋਹਾਲੀ , (ਲੋਕ ਬਾਣੀ :

ਮੋਹਾਲੀ (ਐਸ.ਏ.ਐਸ. ਨਗਰ) ਸ਼ਹਿਰ ਦੇ ਨਿਵਾਸੀਆਂ ਦੀ ਪਿਛਲੇ 17 ਸਾਲਾਂ ਦੇ ਵੱਧ ਸਮੇਂ ਤੋਂ ਸੈਕਟਰ-74 ਅਤੇ ਸੈਕਟਰ-90 ਨੂੰ ਵੰਡਦੀ ਸੜਕ ਨੂੰ ਬਣਾਉਣ ਅਤੇ ਚਾਲੂ ਕਰਨ ਦੀ ਮੰਗ ਨੂੰ ਅੱਜ, ਐਮ ਐਲ ਏ ਕੁਲਵੰਤ ਸਿੰਘ ਵੱਲੋਂ ਇਸ ਸੜਕ ਨੂੰ ਆਮ ਜਨਤਾ ਨੂੰ ਸਮਰਪਿਤ ਕਰਕੇ ਪੂਰਾ ਕਰ ਦਿੱਤਾ ਗਿਆ।

ਇਸ ਮੌਕੇ 'ਤੇ ਬੋਲਦੇ ਹੋਏ ਹਲਕਾ ਵਿਧਾਇਕ ਵੱਲੋਂ ਕਿਹਾ ਗਿਆ ਕਿ ਇਸ ਸੜਕ ਦੇ ਖੁੱਲਣ ਨਾਲ ਮੋਹਾਲੀ (ਐਸ.ਏ.ਐਸ. ਨਗਰ)ਸ਼ਹਿਰ ਦੇ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਪੂਰੀ ਹੋ ਗਈ ਹੈ ਅਤੇ ਇਸ ਨਾਲ ਸ਼ਹਿਰ ਵਾਸੀਆਂ ਨੂੰ ਟ੍ਰੈਫਿਕ ਦੀ ਸਮੱਸਿਆ ਤੋਂ ਕਾਫੀ ਰਾਹਤ ਮਿਲੇਗੀ।

ਉਨ੍ਹਾਂ ਕਿਹਾ ਕਿ ਇਸ ਸੜਕ ਦਾ ਲਾਂਡਰਾਂ ਰੋਡ ਨੂੰ ਜੋੜਨ ਵਾਲਾ ਹਿੱਸਾ ਵੀ ਜਲਦ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮੋਹਾਲੀ (ਐਸ.ਏ.ਐਸ. ਨਗਰ ਸ਼ਹਿਰ) ਦਾ ਵਿਕਾਸ ਵਿਸ਼ਵ ਦੇ ਵਧੀਆ ਸ਼ਹਿਰਾਂ ਦੇ ਪੱਧਰ 'ਤੇ ਕਰਨ ਲਈ ਹਰ ਕਦਮ ਚੁੱਕ ਰਹੀ ਹੈ ਦੇਸ਼ ਜਾਂ ਵਿਦੇਸ਼ ਵਿੱਚ ਰਹਿੰਦੇ ਪੰਜਾਬੀਆਂ ਦੀ ਇਸ ਪਹਿਲੀ ਪਸੰਦ ਨੂੰ ਹੋਰ ਸੋਹਣਾ ਬਣਾਇਆ ਜਾ ਸਕੇ।

ਇਸ ਮੌਕੇ 'ਤੇ ਡਾ. ਐਸ.ਐਸ. ਭੰਵਰਾ, ਪਰਮਜੀਤ ਸਿੰਘ, ਕੁਲਦੀਪ ਸਿੰਘ ਸਮਾਣਾ, ਸ਼੍ਰੀਮਤੀ ਗੁਰਮੀਤ ਕੌਰ, ਹਰਮੇਸ਼ ਸਿੰਘ ਕੁੰਬੜਾ, ਰਣਦੀਪ ਸਿੰਘ, ਜਸਪਾਲ ਸਿੰਘ, ਫੂਲਰਾਜ ਸਿੰਘ, ਡਾ. ਕੁਲਦੀਪ ਸਿੰਘ, ਆਰ.ਪੀ. ਸ਼ਰਮਾ, ਆਰ. ਐਸ. ਢਿੱਲੋਂ, ਧੀਰਜ ਕੁਮਾਰ ਗੋਂਗੀ, ਕੁਲਦੀਪ ਸਿੰਘ ਧੀਮਾਨ, ਅਕਬਿੰਦਰ ਸਿੰਘ ਗੋਸਲ, ਸ਼੍ਰੀ ਅਮਨਦੀਪ ਸਿੰਘ ਸੋਨਾ, ਤਰਲੋਚਨ ਸਿੰਘ ਮਟੌਰ, ਸੁਖਚੈਨ ਸਿੰਘ, ਸ਼੍ਰੀ ਤਰਲੋਚਨ ਸਿੰਘ ਤੋਚੀ, ਅਰੁਣ ਗੋਇਲ, ਹਰਪਾਲ ਸਿੰਘ ਬਰਾੜ, ਸ਼੍ਰੀ ਗੁਰਪਾਲ ਸਿੰਘ ਗਰੇਵਾਲ, ਗੁਰਮੀਤ ਸਿੰਘ ਬਾਕਰਪੁਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।













